ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 18 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਪੰਜਾਬ 'ਚ ਇਕ ਹੋਰ ਕਬੱਡੀ ਖਿਡਾਰੀ ਦਾ ਕਤਲ

**ਮਾਨਸਾ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਰਪੰਚੀ ਦੀਆਂ ਵੋਟਾਂ ਨੂੰ ਲੈ ਕੇ ਜ਼ਿਲ੍ਹੇ ਦੇ ਪਿੰਡ ਨੰਗਲ ਕਲਾਂ ਵਿਖੇ ਕਬੱਡੀ ਖਿਡਾਰੀ ਨੌਜਵਾਨ ਦਾ ਕੁੱਝ ਵਿਅਕਤੀਆਂ ਨੇ ਤੇਜ਼ਧਾਰ ਹਥਿਆਰ ਅਤੇ ਲੋਹੇ ਦੀਆਂ ਰਾਡਾਂ ਮਾਰ ਕੇ ਕਤਲ ਕਰ ਦਿੱਤਾ। ਪੁਲਸ ਨੇ ਪਿੰਡ ਦੇ ਮੌਜੂਦਾ ਕਾਂਗਰਸੀ ਸਰਪੰਚ ਸਮੇਤ 11 ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਇਸ 'ਚ ਹਾਲੇ ਕਿਸੇ ਦੀ ਗ੍ਰਿਫ਼ਤਾਰੀ ਨਹੀਂ ਹੋਈ ਹੈ। ਮ੍ਰਿਤਕ ਨੌਜਵਾਨ ਅਮਨਦੀਪ ਉਰਫ਼ ਮੰਗੂ ਪੰਡਿਤ ਇਨ੍ਹੀਂ ਦਿਨੀਂ ਮਜ਼ਦੂਰੀ ਕਰਦਾ ਸੀ ਅਤੇ ਕਬੱਡੀ ਟੂਰਨਾਮੈਂਟਾਂ 'ਚ ਵੀ ਹਿੱਸਾ ਲੈਂਦਾ ਸੀ। ਕਬੱਡੀ ਖਿਡਾਰੀ ਅਮਨਦੀਪ ਉਰਫ਼ ਮੰਗੂ ਪੰਡਿਤ ਸੋਮਵਾਰ ਦੀ ਸਵੇਰ ਸ਼ਹਿਰ ਮਾਨਸਾ ਤੋਂ ਆਪਣੇ ਪਿੰਡ ਨੰਗਲ ਗਿਆ। ਇਸ ਦੌਰਾਨ ਕਾਰਾਂ 'ਤੇ ਸਵਾਰ ਹੋ ਕੇ ਆਏ ਰਾਡਾਂ ਅਤੇ ਤੇਜ਼ਧਾਰ ਹਥਿਆਰਾਂ ਨਾਲ ਲੈਸ ਵਿਅਕਤੀਆਂ ਨੇ ਉਸ ਨੂੰ ਘੇਰਾ ਪਾ ਕੇ ਉਸਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਇਸ ਤੋਂ ਬਾਅਦ ਅਮਨਦੀਪ ਨੂੰ ਮਾਨਸਾ ਦੇ ਸਰਕਾਰੀ ਹਸਪਤਾਲ ਤੋਂ ਬਾਹਰ ਲਈ ਰੈਫ਼ਰ ਕਰ ਦਿੱਤਾ, ਉੱਥੇ ਉਸਦੀ ਮੌਤ ਹੋ ਗਈ। ਮੌਤ ਤੋਂ ਪਹਿਲਾਂ ਅਮਨਦੀਪ ਨੇ ਪੁਲਸ ਨੂੰ ਦੱਸਿਆ ਸੀ ਕਿ ਸਰਪੰਚੀ ਦੀਆਂ ਵੋਟਾਂ ਸਮੇਂ ਉਸਦੀ ਕੁੱਝ ਵਿਅਕਤੀਆਂ ਨਾਲ ਤਕਰਾਰ ਹੋਈ ਸੀ ਅਤੇ ਹਮਲਾਵਰਾਂ ਨੇ ਇਸੇ ਰੰਜਿਸ਼ ਤਹਿਤ ਉਸ 'ਤੇ ਹਮਲਾ ਕੀਤਾ। ਥਾਣਾ ਸਦਰ ਮਾਨਸਾ ਪੁਲਸ ਨੇ ਪਿੰਡ ਨੰਗਲ ਕਲਾਂ ਦੇ ਮੌਜੂਦਾ ਕਾਂਗਰਸੀ ਸਰਪੰਚ ਰੇਸ਼ਮ ਸਿੰਘ ਉਰਫ਼ ਜਿੰਦਾ ਸਮੇਤ ਖ਼ੁੱਸ਼ੂ, ਬਾਦਲ ਸਿੰਘ, ਕੁਲਦੀਪ ਸਿੰਘ ਵਾਸੀਆਨ ਭੰਮੇ ਕਲਾਂ, ਗਗਨੀ ਵਾਸੀ ਜਵਾਹਰਕੇ ਤੇ ਸਗਨੀ ਵਾਸੀ ਗੁਰਨੇ ਅਤੇ 5 ਦੇ ਕਰੀਬ ਅਣਪਛਾਤੇ ਵਿਅਕਤੀਆਂ ਦੇ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਹੈ। ਇਸ 'ਚ ਕੋਈ ਵੀ ਗ੍ਰਿਫ਼ਤਾਰੀ ਨਹੀਂ ਹੋਈ ਹੈ।

# ਫ਼ਰੀਦਕੋਟ ਡੀਸੀ ਦਫ਼ਤਰ ਨੂੰ ਬੰਬ ਨਾਲ ਉਡਾਉਣ ਦੀ ਮਿਲੀ ਧਮਕੀ

**ਫ਼ਰੀਦਕੋਟ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਫ਼ਰੀਦਕੋਟ ਦੇ ਮਿੰਨੀ ਸਕੱਤਰੇਤ ਸਥਿਤ ਡਿਪਟੀ ਕਮਿਸ਼ਨਰ (ਡੀ.ਸੀ.) ਦਫ਼ਤਰ ਨੂੰ ਮੰਗਲਵਾਰ ਦੁਪਹਿਰ ਈ-ਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਧਮਕੀ ਮਿਲਣ ਤੋਂ ਬਾਅਦ ਜ਼ਿਲ੍ਹਾ ਪੁਲਸ ਅਤੇ ਪ੍ਰਸ਼ਾਸਨ ਵਿਚ ਹੜਕੰਪ ਮਚ ਗਿਆ। ਧਮਕੀ ਨੂੰ ਗੰਭੀਰਤਾ ਨਾਲ ਲੈਂਦਿਆਂ ਪੁਲਸ ਵੱਲੋਂ ਤੁਰੰਤ ਮਿੰਨੀ ਸਕੱਤਰੇਤ ਕੰਪਲੈਕਸ ਨੂੰ ਖਾਲੀ ਕਰਵਾ ਕੇ ਵੱਡੇ ਪੱਧਰ 'ਤੇ ਸਰਚ ਆਪ੍ਰੇਸ਼ਨ ਚਲਾਇਆ ਗਿਆ। ਜਾਣਕਾਰੀ ਅਨੁਸਾਰ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਭੇਜੀ ਗਈ ਧਮਕੀ ਭਰੀ ਈ-ਮੇਲ ਕਥਿਤ ਤੌਰ 'ਤੇ 'ਖਾਲਿਸਤਾਨ ਨੈਸ਼ਨਲ ਆਰਮੀ' ਦੇ ਨਾਮ ਨਾਲ ਭੇਜੀ ਗਈ ਸੀ। ਈ-ਮੇਲ ਪ੍ਰਾਪਤ ਹੁੰਦੇ ਹੀ ਇਸ ਦੀ ਸੂਚਨਾ ਪੁਲਸ ਦੇ ਉੱਚ ਅਧਿਕਾਰੀਆਂ ਨੂੰ ਦਿੱਤੀ ਗਈ। ਸੁਰੱਖਿਆ ਦੇ ਮੱਦੇਨਜ਼ਰ ਪੁਲਸ ਨੇ ਮਿੰਨੀ ਸਕੱਤਰੇਤ ਵਿਚ ਮੌਜੂਦ ਅਧਿਕਾਰੀਆਂ, ਕਰਮਚਾਰੀਆਂ ਅਤੇ ਆਪਣੇ ਕੰਮਕਾਜ ਲਈ ਆਏ ਆਮ ਲੋਕਾਂ ਨੂੰ ਤੁਰੰਤ ਸੁਰੱਖਿਅਤ ਬਾਹਰ ਕੱਢ ਦਿੱਤਾ। ਸੂਚਨਾ ਮਿਲਦੇ ਹੀ ਡੀਐੱਸਪੀ ਤਰਲੋਚਨ ਸਿੰਘ ਦੀ ਅਗਵਾਈ ਹੇਠ ਭਾਰੀ ਪੁਲਸ ਬਲ ਮੌਕੇ 'ਤੇ ਪਹੁੰਚਿਆ। ਪੁਲਸ ਦੀ ਐਂਟੀ-ਸੈਬੋਟਾਜ ਟੀਮ ਅਤੇ ਡੌਗ ਸਕੁਐਡ ਦੀ ਮਦਦ ਨਾਲ ਮਿੰਨੀ ਸਕੱਤਰੇਤ ਦੇ ਪੂਰੇ ਕੰਪਲੈਕਸ, ਡੀ.ਸੀ. ਦਫ਼ਤਰ ਦੀ ਮੁੱਖ ਇਮਾਰਤ, ਆਲੇ-ਦੁਆਲੇ ਦੇ ਖੇਤਰਾਂ ਅਤੇ ਹੋਰ ਸੰਵੇਦਨਸ਼ੀਲ ਥਾਵਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਪੁਲਸ ਟੀਮਾਂ ਵੱਲੋਂ ਕਾਫ਼ੀ ਸਮੇਂ ਤੱਕ ਚੱਪਾ-ਚੱਪਾ ਖੰਗਾਲਿਆ ਗਿਆ ਪਰ ਤਲਾਸ਼ੀ ਦੌਰਾਨ ਕੋਈ ਵੀ ਸ਼ੱਕੀ ਜਾਂ ਇਤਰਾਜ਼ਯੋਗ ਵਸਤੂ ਬਰਾਮਦ ਨਹੀਂ ਹੋਈ। ਇਸ ਮੌਕੇ ਡੀਐੱਸਪੀ ਤਰਲੋਚਨ ਸਿੰਘ ਨੇ ਦੱਸਿਆ ਕਿ ਈ-ਮੇਲ ਰਾਹੀਂ ਮਿਲੀ ਧਮਕੀ ਨੂੰ ਪੁਲਸ ਵੱਲੋਂ ਬੇਹੱਦ ਗੰਭੀਰਤਾ ਨਾਲ ਲਿਆ ਗਿਆ ਅਤੇ ਤੁਰੰਤ ਸੁਰੱਖਿਆ ਦੇ ਲੋੜੀਂਦੇ ਕਦਮ ਚੁੱਕੇ ਗਏ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਦੇ ਵੱਖ-ਵੱਖ ਹਿੱਸਿਆਂ ਅਤੇ ਫ਼ਰੀਦਕੋਟ ਵਿਚ ਅਜਿਹੀਆਂ ਝੂਠੀਆਂ ਧਮਕੀਆਂ ਮਿਲਦੀਆਂ ਰਹੀਆਂ ਹਨ ਪਰ ਪੁਲਸ ਪ੍ਰਸ਼ਾਸਨ ਕਿਸੇ ਵੀ ਧਮਕੀ ਜਾਂ ਸੂਚਨਾ ਨੂੰ ਹਲਕੇ ਵਿਚ ਨਹੀਂ ਲੈਂਦਾ ਅਤੇ ਸੁਰੱਖਿਆ ਦੇ ਪੂਰੇ ਪ੍ਰਬੰਧ ਕੀਤੇ ਜਾਂਦੇ ਹਨ। ਡੀਐੱਸਪੀ ਨੇ ਦੱਸਿਆ ਕਿ ਫਿਲਹਾਲ ਤਲਾਸ਼ੀ ਦੌਰਾਨ ਕੁਝ ਵੀ ਸ਼ੱਕੀ ਨਹੀਂ ਮਿਲਿਆ ਹੈ। ਇਸ ਦੇ ਬਾਵਜੂਦ ਸਾਵਧਾਨੀ ਵਜੋਂ ਮਿੰਨੀ ਸਕੱਤਰੇਤ ਅਤੇ ਆਲੇ-ਦੁਆਲੇ ਦੇ ਇਲਾਕੇ ਵਿੱਚ ਸੁਰੱਖਿਆ ਪ੍ਰਬੰਧ ਸਖ਼ਤ ਕਰ ਦਿੱਤੇ ਗਏ ਹਨ। ਪੁਲਸ ਵੱਲੋਂ ਸਥਿਤੀ 'ਤੇ ਲਗਾਤਾਰ ਨਜ਼ਰ ਰੱਖੀ ਜਾ ਰਹੀ ਹੈ।




## ਟਰੰਪ ਨੂੰ ਵੱਡਾ ਝਟਕਾ ! ਲੋਕਪ੍ਰਿਅਤਾ 'ਚ ਆਈ ਭਾਰੀ ਗਿਰਾਵਟ

**ਵਾਸ਼ਿੰਗਟਨ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਲਈ ਰਾਜਨੀਤਿਕ ਸਥਿਤੀ ਕਦੇ ਵੀ ਇੰਨੀ ਮਾੜੀ ਨਹੀਂ ਰਹੀ। ਉਨ੍ਹਾਂ ਦੀ ਲੋਕਪ੍ਰਿਅਤਾ ਦਰ ਉਨ੍ਹਾਂ ਦੇ ਰਾਸ਼ਟਰਪਤੀ ਕਾਰਜਕਾਲ ਦੌਰਾਨ ਸਭ ਤੋਂ ਹੇਠਲੇ ਪੱਧਰ 'ਤੇ ਪਹੁੰਚ ਗਈ ਹੈ। ਰਾਇਟਰਜ਼ ਅਤੇ ਇਪਸੋਸ ਦੇ ਸਰਵੇਖਣ ਦੇ ਅਨੁਸਾਰ ਜ਼ਿਆਦਾਤਰ ਅਮਰੀਕੀਆਂ ਨੂੰ ਡਰ ਹੈ ਕਿ ਈਰਾਨ ਨਾਲ ਅਮਰੀਕਾ ਦੀ ਜੰਗ ਲੰਬੇ ਸਮੇਂ ਤੱਕ ਚੱਲ ਸਕਦੀ ਹੈ, ਅਤੇ ਇਸੇ ਕਰਕੇ ਉਹ ਰਾਸ਼ਟਰਪਤੀ ਨੂੰ ਨਾਪਸੰਦ ਕਰਦੇ ਹਨ। ਇਸ ਚਾਰ ਦਿਨਾਂ ਦੇ ਸਰਵੇਖਣ ਵਿੱਚ ਸਿਰਫ 33% ਲੋਕਾਂ ਨੇ ਟਰੰਪ ਦੇ ਪ੍ਰਦਰਸ਼ਨ ਨੂੰ ਮਨਜ਼ੂਰੀ ਦਿੱਤੀ, ਜਦੋਂ ਕਿ 64% ਨੇ ਇਸਦੀ ਆਲੋਚਨਾ ਕੀਤੀ। ਇਸ ਮਹੀਨੇ ਦੇ ਸ਼ੁਰੂ ਵਿੱਚ ਕੀਤੇ ਗਏ ਇੱਕ ਸਰਵੇਖਣ ਵਿੱਚ ਟਰੰਪ ਦੀ ਪ੍ਰਵਾਨਗੀ ਰੇਟਿੰਗ 35% ਸੀ। ਹੁਣ ਉਨ੍ਹਾਂ ਦੀ ਪ੍ਰਵਾਨਗੀ ਰੇਟਿੰਗ ਉਨ੍ਹਾਂ ਦੇ ਮੌਜੂਦਾ ਕਾਰਜਕਾਲ ਦੇ ਸਭ ਤੋਂ ਹੇਠਲੇ ਪੱਧਰ 'ਤੇ ਆ ਗਈ ਹੈ। ਇਹ ਉਨ੍ਹਾਂ ਦੇ ਪਿਛਲੇ ਕਾਰਜਕਾਲ ਦਾ ਸਭ ਤੋਂ ਹੇਠਲਾ ਪੱਧਰ ਹੈ, ਜੋ ਦਸੰਬਰ 2017 ਵਿੱਚ ਪਹੁੰਚਿਆ ਸੀ। ਦੂਜੇ ਸ਼ਬਦਾਂ ਵਿੱਚ ਸਥਿਤੀ ਕਦੇ ਵੀ ਇੰਨੀ ਮਾੜੀ ਨਹੀਂ ਰਹੀ। ਜਦੋਂ ਟਰੰਪ ਪਿਛਲੇ ਸਾਲ ਵ੍ਹਾਈਟ ਹਾਊਸ ਵਾਪਸ ਆਏ, ਤਾਂ ਦੇਸ਼ ਦੇ ਲਗਭਗ ਅੱਧੇ ਹਿੱਸੇ ਨੇ ਉਨ੍ਹਾਂ ਦੇ ਰਾਸ਼ਟਰਪਤੀ ਦਾ ਸਮਰਥਨ ਕੀਤਾ। ਹਾਲਾਂਕਿ ਇਸ ਸਾਲ ਉਨ੍ਹਾਂ ਦੀ ਲੋਕਪ੍ਰਿਅਤਾ ਨੂੰ ਉਦੋਂ ਵੱਡਾ ਝਟਕਾ ਲੱਗਾ, ਜਦੋਂ ਉਨ੍ਹਾਂ ਨੇ ਅਮਰੀਕਾ ਦੇ ਸਹਿਯੋਗੀ ਇਜ਼ਰਾਈਲ ਦੇ ਸਹਿਯੋਗ ਨਾਲ ਈਰਾਨ 'ਤੇ ਹਮਲੇ ਦਾ ਆਦੇਸ਼ ਦਿੱਤਾ। ਯੁੱਧ ਨੇ ਹੋਰਮੁਜ਼ ਸਟ੍ਰੇਟ ਨੂੰ ਰੋਕ ਦਿੱਤਾ, ਜਿਸ ਨਾਲ ਦੁਨੀਆ ਦੇ ਤੇਲ ਵਪਾਰ ਦਾ ਲਗਭਗ ਪੰਜਵਾਂ ਹਿੱਸਾ ਪ੍ਰਭਾਵਿਤ ਹੋਇਆ।



## ਹੁਣ ਆਰਟੀਆਈ ਦੇ ਘੇਰੇ 'ਚ ਹੋਣਗੀਆਂ ਪੰਜਾਬ ਦੀਆਂ ਸਾਰੀਆਂ ਪ੍ਰਾਈਵੇਟ ਯੂਨੀਵਰਸਿਟੀਆਂ

**ਚੰਡੀਗੜ੍ਹ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਰਾਜ ਸੂਚਨਾ ਕਮਿਸ਼ਨ ਨੇ ਇੱਕ ਫੈਸਲੇ ਵਿੱਚ, ਜਿਸਨੇ ਪੰਜਾਬ ਦੀਆਂ ਸਾਰੀਆਂ 18 ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਸੂਚਨਾ ਅਧਿਕਾਰ (ਆਰਟੀਆਈ) ਐਕਟ, 2005 ਦੇ ਦਾਇਰੇ ਵਿੱਚ ਲਿਆਂਦਾ ਹੈ। ਕਮਿਸ਼ਨ ਨੇ ਫੈਸਲਾ ਸੁਣਾਇਆ ਹੈ ਕਿ ਰਾਜ ਵਿਧਾਨ ਸਭਾ ਦੇ ਐਕਟਾਂ ਰਾਹੀਂ ਸਥਾਪਿਤ ਕੀਤੀਆਂ ਗਈਆਂ ਪ੍ਰਾਈਵੇਟ ਯੂਨੀਵਰਸਿਟੀਆਂ ਪਾਰਦਰਸ਼ਤਾ ਕਾਨੂੰਨ ਅਧੀਨ "ਜਨਤਕ ਅਥਾਰਟੀ" ਹਨ। 14 ਅਗਸਤ ਨੂੰ ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ, ਬਠਿੰਡਾ ਦੇ ਮਾਮਲੇ ਵਿੱਚ ਇੱਕ ਆਦੇਸ਼ ਪਾਸ ਕਰਦੇ ਹੋਏ, ਮੁੱਖ ਸੂਚਨਾ ਕਮਿਸ਼ਨਰ ਇੰਦਰਪਾਲ ਸਿੰਘ ਨੇ ਯੂਨੀਵਰਸਿਟੀ ਨੂੰ ਆਰਟੀਆਈ ਐਕਟ ਦੀ ਧਾਰਾ 2 (h) ਦੇ ਤਹਿਤ ਇੱਕ ਜਨਤਕ ਅਥਾਰਟੀ ਘੋਸ਼ਿਤ ਕੀਤਾ ਅਤੇ ਇਸਨੂੰ ਇੱਕ ਜਨਤਕ ਸੂਚਨਾ ਅਧਿਕਾਰੀ (ਆਰਟੀਆਈ) ਅਤੇ ਪਹਿਲੀ ਅਪੀਲੀ ਅਥਾਰਟੀ ਨਿਯੁਕਤ ਕਰਨ ਦੇ ਨਿਰਦੇਸ਼ ਦਿੱਤੇ। ਯੂਨੀਵਰਸਿਟੀ ਨੂੰ ਇਹ ਵੀ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਆਪਣੀ ਅਧਿਕਾਰਤ ਵੈੱਬਸਾਈਟ 'ਤੇ ਐਕਟ ਅਧੀਨ ਨਿਰਧਾਰਤ ਲਾਜ਼ਮੀ ਖੁਲਾਸੇ ਕਰੇ। ਕਮਿਸ਼ਨ ਨੇ ਸਪੱਸ਼ਟ ਕੀਤਾ ਹੈ ਕਿ ਇਹ ਫੈਸਲਾ ਪੰਜਾਬ ਵਿੱਚ ਰਾਜ ਕਾਨੂੰਨ ਤਹਿਤ ਸਥਾਪਿਤ ਕੀਤੀਆਂ ਗਈਆਂ ਸਾਰੀਆਂ ਪ੍ਰਾਈਵੇਟ ਯੂਨੀਵਰਸਿਟੀਆਂ 'ਤੇ ਲਾਗੂ ਹੋਵੇਗਾ। ਫਿਲਹਾਲ, ਸੂਬੇ ਦੀਆਂ ਕੁਝ ਪ੍ਰਾਈਵੇਟ ਯੂਨੀਵਰਸਿਟੀਆਂ ਹੀ ਵੱਖਰੇ ਆਰਟੀਆਈ ਸੈੱਲ ਚਲਾ ਰਹੀਆਂ ਹਨ ਜਾਂ ਆਪਣੀਆਂ ਅਧਿਕਾਰਤ ਵੈੱਬਸਾਈਟਾਂ 'ਤੇ ਕਾਨੂੰਨੀ ਜਾਣਕਾਰੀਆਂ ਜਨਤਕ ਕਰ ਰਹੀਆਂ ਹਨ। ਕਮਿਸ਼ਨ ਦੇ ਇਸ ਫੈਸਲੇ ਤੋਂ ਬਾਅਦ ਸਾਰੀਆਂ 18 ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਆਰਟੀਆਈ ਅਰਜ਼ੀਆਂ ਪ੍ਰਾਪਤ ਕਰਨ ਅਤੇ ਉਨ੍ਹਾਂ ਦਾ ਜਵਾਬ ਦੇਣ ਲਈ ਰਸਮੀ ਪ੍ਰਬੰਧ ਕਰਨੇ ਪੈਣਗੇ। ਇਸ ਦੇ ਨਾਲ ਹੀ ਜਨਤਕ ਤੌਰ 'ਤੇ ਜਾਣਕਾਰੀ ਉਪਲਬਧ ਕਰਵਾਉਣ ਦੀ ਪ੍ਰਕਿਰਿਆ ਵੀ ਵਧਾਉਣੀ ਪਵੇਗੀ। ਇਹ ਹੁਕਮ ਰਾਮਨਦੀਪ ਕੁਮਾਰ ਵੱਲੋਂ ਦਾਇਰ ਕੀਤੀ ਅਪੀਲ 'ਤੇ ਆਇਆ ਹੈ। ਉਹ ਅਕਾਲ ਯੂਨੀਵਰਸਿਟੀ ਦੇ ਫਿਜ਼ਿਕਸ ਵਿਭਾਗ ਵਿੱਚ ਸਾਬਕਾ ਸਹਾਇਕ ਪ੍ਰੋਫੈਸਰ ਰਹੇ ਹਨ। ਉਨ੍ਹਾਂ ਨੇ ਜੁਲਾਈ 2015 ਤੋਂ ਅਕਤੂਬਰ 2021 ਤੱਕ ਦੀਆਂ ਆਪਣੀਆਂ ਤਨਖਾਹ ਸਲਿੱਪਾਂ ਮੰਗੀਆਂ ਸਨ। ਅਕਾਲ ਯੂਨੀਵਰਸਿਟੀ ਨੇ ਆਰਟੀਆਈ ਅਰਜ਼ੀ ਦੀ ਕਾਨੂੰਨੀ ਸਥਿਰਤਾ 'ਤੇ ਇਤਰਾਜ਼ ਕਰਦਿਆਂ ਦਲੀਲ ਦਿੱਤੀ ਸੀ ਕਿ ਉਹ ਆਰਟੀਆਈ ਐਕਟ ਦੀ ਧਾਰਾ 2(h) ਤਹਿਤ 'ਪਬਲਿਕ ਅਥਾਰਟੀ' ਨਹੀਂ ਹੈ। ਕਮਿਸ਼ਨ ਨੇ ਯੂਨੀਵਰਸਿਟੀ ਦੀ ਇਸ ਦਲੀਲ ਨੂੰ ਰੱਦ ਕਰਦਿਆਂ ਕਿਹਾ ਕਿ ਅਕਾਲ ਯੂਨੀਵਰਸਿਟੀ ਪੰਜਾਬ ਵਿਧਾਨ ਸਭਾ ਵੱਲੋਂ ਬਣਾਏ ਗਏ ਐਕਟ ਰਾਹੀਂ ਸਥਾਪਿਤ ਕੀਤੀ ਗਈ ਹੈ। ਆਰਟੀਆਈ ਐਕਟ ਦੀ ਧਾਰਾ 2 (h)(c) ਤਹਿਤ ਰਾਜ ਵਿਧਾਨ ਸਭਾ ਵੱਲੋਂ ਬਣਾਏ ਕਾਨੂੰਨ ਰਾਹੀਂ ਸਥਾਪਿਤ ਜਾਂ ਗਠਿਤ ਕੀਤੀ ਗਈ ਕਿਸੇ ਵੀ ਅਥਾਰਟੀ, ਸੰਸਥਾ ਜਾਂ ਬਾਡੀ ਨੂੰ 'ਪਬਲਿਕ ਅਥਾਰਟੀ' ਦੀ ਪਰਿਭਾਸ਼ਾ ਵਿੱਚ ਸ਼ਾਮਲ ਕੀਤਾ ਗਿਆ ਹੈ।




## 30 ਸਾਲ ਦੀ ਕੈਦ ਮਗਰੋਂ ਭਾਈ ਰਾਜੋਆਣਾ ਦੀ ਪਟੀਸ਼ਨ 'ਤੇ ਵੱਡੀ ਹਿਲਜੁਲ, 3 ਜੱਜਾਂ ਦੀ ਬੈਂਚ ਅੱਗੇ ਹੋਵੇਗੀ ਸੁਣਵਾਈ

ਨਵੀਂ ਦਿੱਲੀ 18 ਅਗਸਤ (ਮਨਪ੍ਰੀਤ ਸਿੰਘ ਖਾਲਸਾ):-ਸੁਪਰੀਮ ਕੋਰਟ ਨੇ ਮੰਗਲਵਾਰ ਨੂੰ ਭਾਈ ਬਲਵੰਤ ਸਿੰਘ ਰਾਜੋਆਣਾ ਵੱਲੋਂ ਦਾਇਰ ਉਸ ਪਟੀਸ਼ਨ ਨੂੰ ਤਿੰਨ ਜੱਜਾਂ ਦੀ ਬੈਂਚ ਅੱਗੇ ਲਿਸਟ ਕਰਨ ਦੇ ਹੁਕਮ ਦਿੱਤੇ ਹਨ, ਜਿਸ ਵਿੱਚ ਲੰਬੇ ਸਮੇਂ ਤੋਂ ਲੰਬਿਤ ਰਹਿਮ ਦੀ ਅਰਜ਼ੀ ਦੇ ਆਧਾਰ 'ਤੇ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਗਈ ਹੈ। ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੀ ਦੋ ਮੈਂਬਰੀ ਬੈਂਚ ਸਾਹਮਣੇ ਮਾਮਲੇ ਦੀ ਜਲਦੀ ਸੁਣਵਾਈ ਲਈ ਅਰਜ਼ੀ ਪੇਸ਼ ਕੀਤੀ ਗਈ। ਭਾਈ ਰਾਜੋਆਣਾ ਵੱਲੋਂ ਪੇਸ਼ ਹੋਏ ਸੀਨੀਅਰ ਵਕੀਲ ਮੁਕੁਲ ਰੋਹਤਗੀ ਨੇ ਕਿਹਾ ਕਿ ਉਹ ਲਗਭਗ 30 ਸਾਲਾਂ ਤੋਂ ਜੇਲ੍ਹ ਵਿੱਚ ਹਨ ਅਤੇ ਮਾਮਲਾ ਕਰੀਬ ਢਾਈ ਸਾਲ ਤੋਂ ਅਦਾਲਤ ਵਿੱਚ ਲੰਬਿਤ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੁਪਰੀਮ ਕੋਰਟ ਵੱਲੋਂ ਕੇਂਦਰ ਸਰਕਾਰ ਨੂੰ ਵਾਰ-ਵਾਰ ਜਵਾਬ ਦਾਖ਼ਲ ਕਰਨ ਲਈ ਕਿਹਾ ਗਿਆ, ਪਰ ਹਾਲੇ ਤੱਕ ਜਵਾਬ ਨਹੀਂ ਆਇਆ। ਅਦਾਲਤ ਨੇ ਸਪੱਸ਼ਟ ਕੀਤਾ ਕਿ ਮਾਮਲੇ ਦੀ ਸੁਣਵਾਈ ਦੋ ਜੱਜਾਂ ਦੀ ਬੈਂਚ ਵੱਲੋਂ ਨਹੀਂ ਕੀਤੀ ਜਾ ਸਕਦੀ, ਕਿਉਂਕਿ ਇਹ ਤਿੰਨ ਜੱਜਾਂ ਦੀ ਬੈਂਚ ਵੱਲੋਂ ਵਿਚਾਰਿਆ ਜਾਣਾ ਹੈ। ਜਸਟਿਸ ਵਿਕਰਮ ਨਾਥ ਨੇ ਕਿਹਾ ਕਿ ਮੌਜੂਦਾ ਬੈਂਚ ਦੋ ਜੱਜਾਂ ਦੀ ਹੈ ਅਤੇ ਤਿੰਨ ਜੱਜਾਂ ਦੀ ਬੈਂਚ ਲਈ ਤਾਰੀਖ਼ ਤੈਅ ਨਹੀਂ ਕੀਤੀ ਜਾ ਸਕਦੀ। ਇਸ ਤੋਂ ਬਾਅਦ ਅਦਾਲਤ ਨੇ ਹੁਕਮ ਦਿੱਤਾ ਕਿ ਜਦੋਂ ਵੀ ਤਿੰਨ ਜੱਜਾਂ ਦੀ ਬੈਂਚ ਬੈਠੇ, ਭਾਈ ਰਾਜੋਆਣਾ ਦੀ ਪਟੀਸ਼ਨ ਉਸ ਅੱਗੇ ਲਿਸਟ ਕੀਤੀ ਜਾਵੇ। ਭਾਈ ਰਾਜੋਆਣਾ ਨੇ ਆਪਣੀ ਪਟੀਸ਼ਨ ਵਿੱਚ ਕਿਹਾ ਹੈ ਕਿ ਰਹਿਮ ਦੀ ਅਰਜ਼ੀ 'ਤੇ ਫ਼ੈਸਲਾ ਕਰਨ ਵਿੱਚ ਹੋ ਰਹੀ ਅਸਧਾਰਨ ਦੇਰੀ ਆਪਣੇ ਆਪ ਵਿੱਚ ਉਸਦੀ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਬਦਲਣ ਦਾ ਆਧਾਰ ਬਣਦੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਮਾਰਚ 2012 ਵਿੱਚ ਸੰਵਿਧਾਨ ਦੀ ਧਾਰਾ 72 ਤਹਿਤ ਉਸਦੀ ਰਹਿਮ ਦੀ ਅਰਜ਼ੀ ਰਾਸ਼ਟਰਪਤੀ ਕੋਲ ਭੇਜੀ ਗਈ ਸੀ, ਜਿਸ 'ਤੇ ਲੰਬੇ ਸਮੇਂ ਤੋਂ ਫ਼ੈਸਲਾ ਬਕਾਇਆ ਹੈ। ਜਿਕਰਯੋਗ ਹੈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਨੂੰ 1995 ਵਿੱਚ ਤਤਕਾਲੀ ਪੰਜਾਬ ਮੁੱਖ ਮੰਤਰੀ ਬੇਅੰਤ ਸਿੰਘ ਦੀ ਹੱਤਿਆ ਦੇ ਮਾਮਲੇ ਵਿੱਚ ਮੌਤ ਦੀ ਸਜ਼ਾ ਸੁਣਾਈ ਗਈ ਸੀ। 31 ਅਗਸਤ 1995 ਨੂੰ ਚੰਡੀਗੜ੍ਹ ਸਥਿਤ ਸਿਵਲ ਸਕੱਤਰੇਤ ਦੇ ਬਾਹਰ ਹੋਏ ਬੰਬ ਧਮਾਕੇ ਵਿੱਚ ਬੇਅੰਤ ਸਿੰਘ ਸਮੇਤ 17 ਵਿਅਕਤੀਆਂ ਦੀ ਮੌਤ ਹੋਈ ਸੀ। ਵਿਸ਼ੇਸ਼ ਅਦਾਲਤ ਨੇ ਜੁਲਾਈ 2007 ਵਿੱਚ ਭਾਈ ਰਾਜੋਆਣਾ ਨੂੰ ਫਾਂਸੀ ਦੀ ਸਜ਼ਾ ਸੁਣਾਈ ਸੀ ਅਤੇ ਉਹ 15 ਸਾਲ ਤੋਂ ਵੱਧ ਸਮੇਂ ਤੋਂ ਡੈਥ ਰੋਅ 'ਤੇ ਹਨ। ਮਈ 2023 ਵਿੱਚ ਸੁਪਰੀਮ ਕੋਰਟ ਨੇ ਉਸ ਵੇਲੇ ਫਾਂਸੀ ਦੀ ਸਜ਼ਾ ਨੂੰ ਉਮਰ ਕੈਦ ਵਿੱਚ ਤਬਦੀਲ ਕਰਨ ਤੋਂ ਇਨਕਾਰ ਕਰਦਿਆਂ ਕਿਹਾ ਸੀ ਕਿ ਸਮਰੱਥ ਅਥਾਰਟੀ ਕਾਨੂੰਨ ਅਨੁਸਾਰ ਰਹਿਮ ਦੀ ਅਰਜ਼ੀ 'ਤੇ ਫ਼ੈਸਲਾ ਕਰ ਸਕਦੀ ਹੈ। ਇਸ ਤੋਂ ਬਾਅਦ ਵੀ ਰਹਿਮ ਦੀ ਅਰਜ਼ੀ 'ਤੇ ਫ਼ੈਸਲਾ ਨਾ ਹੋਣ ਕਾਰਨ ਮਾਮਲਾ ਮੁੜ ਸੁਪਰੀਮ ਕੋਰਟ ਪਹੁੰਚਿਆ। ਹੁਣ ਅਦਾਲਤ ਵੱਲੋਂ ਇਸ ਪਟੀਸ਼ਨ ਨੂੰ ਤਿੰਨ ਜੱਜਾਂ ਦੀ ਬੈਂਚ ਅੱਗੇ ਲਿਸਟ ਕਰਨ ਦੇ ਹੁਕਮਾਂ ਨਾਲ ਭਾਈ ਰਾਜੋਆਣਾ ਦੀ ਲੰਬੇ ਸਮੇਂ ਤੋਂ ਚੱਲ ਰਹੀ ਕਾਨੂੰਨੀ ਲੜਾਈ ਵਿੱਚ ਅਗਲੀ ਸੁਣਵਾਈ ਦਾ ਰਾਹ ਖੁੱਲ੍ਹ ਗਿਆ ਹੈ।



## ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ 21 ਅਗਸਤ ਦੇ ਪੰਜਾਬ ਬੰਦ ਦੇ ਸਮਰਥਨ ਦਾ ਐਲਾਨ

### ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 21 ਦੀ ਥਾਂ 22 ਅਗਸਤ ਨੂੰ ਹੋਵੇਗੀ, ਸ਼੍ਰੋਮਣੀ ਕਮੇਟੀ ਦਫ਼ਤਰ ਤੇ ਅਦਾਰੇ ਰਹਿਣਗੇ ਬੰਦ

**ਅੰਮ੍ਰਿਤਸਰ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕੌਮੀ ਇਨਸਾਫ਼ ਮੋਰਚੇ ਵੱਲੋਂ 21 ਅਗਸਤ 2026 ਨੂੰ ਦਿੱਤੇ ਪੰਜਾਬ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਪਹਿਲਾਂ ਤੋਂ ਨਿਰਧਾਰਤ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 21 ਅਗਸਤ ਦੀ ਥਾਂ 22 ਅਗਸਤ ਨੂੰ ਕਰਨ ਦਾ ਫੈਸਲਾ ਕੀਤਾ ਹੈ। ਇਸ ਸਬੰਧੀ ਜਾਰੀ ਪ੍ਰੈੱਸ ਬਿਆਨ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 21 ਅਗਸਤ ਨੂੰ ਰੱਖੀ ਗਈ ਸੀ, ਜੋ ਹੁਣ 22 ਅਗਸਤ ਨੂੰ ਸਵੇਰੇ 11:00 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਸ੍ਰੀ ਅੰਮ੍ਰਿਤਸਰ ਵਿਖੇ ਹੋਵੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਬੰਦੀ ਸਿੰਘਾਂ ਦੀ ਰਿਹਾਈ ਲਈ ਜਿਥੇ ਆਪ ਹਮੇਸ਼ਾਂ ਯਤਨਸ਼ੀਲ ਰਹੀ ਹੈ, ਉਥੇ ਹੀ ਇਸ ਕਾਰਜ ਲਈ ਹਰ ਸੰਘਰਸ਼ ਦਾ ਪੂਰਨ ਰੂਪ ਵਿਚ ਸਮਰਥਨ ਵੀ ਕਰਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਬੰਦੀ ਸਿੰਘਾਂ ਦੀ ਰਿਹਾਈ ਲਈ ਕੌਮ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਥਾਂ ਇਸ ਸਬੰਧੀ ਸੰਘਰਸ਼ ਕਰਨ ਵਾਲਿਆਂ ਦੀ ਅਵਾਜ਼ ਨੂੰ ਹੀ ਦਬਾਉਣਾ ਚਾਹੁੰਦੀ ਹੈ, ਜਿਸ ਦਾ ਇਨਸਾਫ਼ਪਸੰਦ ਹਰ ਵਿਅਕਤੀ ਨੂੰ ਵਿਰੋਧ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਬੰਦ ਦੇ ਸਮਰਥਨ ਵਿਚ 21 ਅਗਸਤ ਨੂੰ ਸ਼੍ਰੋਮਣੀ ਕਮੇਟੀ ਦਫ਼ਤਰ ਤੇ ਸਮੂਹ ਅਦਾਰੇ ਵੀ ਬੰਦ ਰੱਖੇ ਜਾਣਗੇ।



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ

☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਚਲੀਓ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ | ਕਿਰਤ ਕਰੋ | ਵੰਡ ਛੱਕੋ
Naam Japo | Kirat Karo | Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net



## ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ **ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV




# ਮਾਨ ਸਰਕਾਰ ਪੰਜਾਬ ਦਾ ਮਾਹੌਲ ਖ਼ਰਾਬ ਕਰਨਾ ਚਾਹੁੰਦੀ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਸੰਤ ਲੌਂਗੋਵਾਲ ਦੀ ਵਿਰਾਸਤ ਨੂੰ ਸਿਆਸੀ ਟਕਰਾਅ ਦਾ ਮੰਚ ਨਾ ਬਣਾਏ ਮਾਨ ਸਰਕਾਰ

**ਅੰਮ੍ਰਿਤਸਰ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਉੱਤੇ ਸਿੱਧਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਭਗਵੰਤ ਮਾਨ ਸਰਕਾਰ ਜਨਤਕ ਅਮਨ-ਸ਼ਾਂਤੀ

ਆਵਾਜ਼ਿ ਕੌਮ AWAZE QAUM International Newspaper & WEB TV

ਕਾਇਮ ਰੱਖਣ ਦੀ ਬਜਾਏ ਜਾਣ-ਬੁੱਝ ਕੇ ਸਿਆਸੀ ਟਕਰਾਅ ਅਤੇ ਤਣਾਅ ਦਾ ਮਾਹੌਲ ਪੈਦਾ ਕਰਨ ਦੀ ਨੀਤੀ 'ਤੇ ਚੱਲ ਰਹੀ ਹੈ।

ਉਨ੍ਹਾਂ ਕਿਹਾ ਕਿ ਸੰਤ ਹਰਚੰਦ ਸਿੰਘ ਲੌਂਗੋਵਾਲ ਦੇ 20 ਅਗਸਤ ਨੂੰ ਆ ਰਹੇ ਸ਼ਹੀਦੀ ਦਿਹਾੜੇ ਮੌਕੇ ਲੌਂਗੋਵਾਲ ਦੀ ਅਨਾਜ ਮੰਡੀ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਅਤੇ ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਨੂੰ ਇੱਕੋ ਹੀ ਸਥਾਨ 'ਤੇ ਰੈਲੀ ਕਰਨ ਦੀ ਇਜਾਜ਼ਤ ਦੇਣਾ ਇਸ ਗੱਲ ਦਾ ਪ੍ਰਤੱਖ ਸਬੂਤ ਹੈ ਕਿ ਸਰਕਾਰ ਟਕਰਾਅ ਨੂੰ ਰੋਕਣਾ ਨਹੀਂ, ਸਗੋਂ ਉਸ ਨੂੰ ਉਤਸ਼ਾਹਿਤ ਕਰਨਾ ਚਾਹੁੰਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸਰਕਾਰ ਨੂੰ ਪੂਰੀ ਤਰ੍ਹਾਂ ਪਤਾ ਹੈ ਕਿ ਦੋਵਾਂ ਅਕਾਲੀ ਧੜਿਆਂ ਵਿਚਾਲੇ ਸਿਆਸੀ ਮਤਭੇਦ ਮੌਜੂਦ ਹਨ। ਅਜਿਹੇ ਵਿੱਚ ਇੱਕੋ ਮੰਡੀ ਇਕੋ ਜਗਾ 'ਤੇ ਇੱਕੋ ਦਿਨ ਦੋਵਾਂ ਨੂੰ ਸਮਾਗਮ ਦੀ ਮਨਜ਼ੂਰੀ ਦੇਣਾ ਪ੍ਰਸ਼ਾਸਨਿਕ ਨਾਕਾਮੀ ਨਹੀਂ, ਸਗੋਂ ਇੱਕ ਸੋਚੀ-ਸਮਝੀ ਸਿਆਸੀ ਚਾਲ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਪਹਿਲਾਂ ਕਸ਼ਮਕਸ਼ ਪੈਦਾ ਕਰਨਾ ਚਾਹੁੰਦੀ ਹੈ ਅਤੇ ਬਾਅਦ ਵਿੱਚ ਉਸ ਦਾ ਦੋਸ਼ ਸਿਆਸੀ ਧਿਰਾਂ ਦੇ ਸਿਰ ਮੜ੍ਹਣ ਦੀ ਤਿਆਰੀ ਕਰ ਰਹੀ ਹੈ। ਰੈਲੀ ਲਈ ਜਗ੍ਹਾ ਅਲਾਟ ਕਰਨ ਦੀ ਪ੍ਰਕਿਰਿਆ ਵਿੱਚ ਵੀ ਕੋਈ ਪਾਰਦਰਸ਼ਤਾ ਨਜ਼ਰ ਨਹੀਂ ਆਉਂਦੀ।



ਪ੍ਰੋ. ਖਿਆਲਾ ਨੇ ਕਿਹਾ ਕਿ ਉਹ ਕਿਸੇ ਵੀ ਅਕਾਲੀ ਧੜੇ ਦੇ ਹੱਕ ਜਾਂ ਵਿਰੋਧ ਵਿੱਚ ਨਹੀਂ ਹਨ। ਉਨ੍ਹਾਂ ਦਾ ਮੁੱਦਾ ਸਿਰਫ਼ ਪੰਜਾਬ ਦੀ ਅਮਨ-ਸ਼ਾਂਤੀ ਅਤੇ ਸੰਤ ਹਰਚੰਦ ਸਿੰਘ ਲੌਂਗੋਵਾਲ ਦੀ ਵਿਰਾਸਤ ਦਾ ਸਤਿਕਾਰ ਹੈ। ਸੰਤ ਲੌਂਗੋਵਾਲ ਦੀ ਵਿਰਾਸਤ ਕਿਸੇ ਇੱਕ ਧੜੇ ਦੀ ਨਹੀਂ, ਸਗੋਂ ਹਰ ਉਸ ਪੰਜਾਬੀ ਦੀ ਸਾਂਝੀ ਵਿਰਾਸਤ ਹੈ ਜੋ ਅਮਨ, ਸਦਭਾਵਨਾ ਅਤੇ ਭਾਈਚਾਰੇ ਵਿੱਚ ਵਿਸ਼ਵਾਸ ਰੱਖਦਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ 1980 ਦੇ ਦਹਾਕੇ ਦੇ ਅਸ਼ਾਂਤ ਦੌਰ ਵਿੱਚ ਸੰਤ ਲੌਂਗੋਵਾਲ ਨੇ ਪੰਜਾਬ ਵਿੱਚ ਅਮਨ ਦੀ ਬਹਾਲੀ ਲਈ ਇਤਿਹਾਸਕ ਭੂਮਿਕਾ ਨਿਭਾਈ। 24 ਜੁਲਾਈ 1985 ਨੂੰ ਤਤਕਾਲੀ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨਾਲ ਹੋਇਆ 11 ਨੁਕਾਤੀ ਪੰਜਾਬ ਸਮਝੌਤਾ ਉਸ ਸਮੇਂ ਦੀ ਹਿੰਸਾ ਨੂੰ ਖ਼ਤਮ ਕਰਨ, ਸਥਿਰਤਾ ਪੈਦਾ ਕਰਨ, ਸਿੱਖ ਨੌਜਵਾਨਾਂ ਨੂੰ ਮੁੱਖਧਾਰਾ ਨਾਲ ਜੋੜਨ ਅਤੇ ਕੇਂਦਰ-ਪੰਜਾਬ ਵਿਚਾਲੇ ਵਿਸ਼ਵਾਸ ਦੀ ਘਾਟ ਨੂੰ ਦੂਰ ਕਰਦਿਆਂ ਅਮਨ ਦੀ ਬਹਾਲੀ ਵੱਲ ਇੱਕ ਮਹੱਤਵਪੂਰਨ ਕਦਮ ਸੀ। ਸੰਤ ਲੌਂਗੋਵਾਲ ਨੇ ਪੰਜਾਬ ਅਤੇ ਦੇਸ਼ ਦੇ ਹਿੱਤ ਵਿੱਚ ਅਮਨ ਦਾ ਜੋ ਰਾਹ ਚੁਣਿਆ, ਉਹ ਉਨ੍ਹਾਂ ਲਈ ਆਤਮਘਾਤੀ ਸਾਬਤ ਹੋਇਆ ਅਤੇ ਇਸ ਦੀ ਭਿਆਨਕ ਕੀਮਤ ਉਨ੍ਹਾਂ ਨੂੰ ਆਪਣੀ ਜਾਨ ਦੇ ਕੇ ਚੁਕਾਉਣੀ ਪਈ।

ਉਨ੍ਹਾਂ ਕਾਂਗਰਸ 'ਤੇ ਵਾਰ ਕਰਦਿਆਂ ਕਿਹਾ ਕਿ ਕਿਸੇ ਵੀ ਸਮਝੌਤੇ ਦੀ ਸਫਲਤਾ ਬਰਾਬਰੀ, ਆਪਸੀ ਵਿਸ਼ਵਾਸ ਅਤੇ ਇਮਾਨਦਾਰ ਸਿਆਸੀ ਇੱਛਾ-ਸ਼ਕਤੀ 'ਤੇ ਨਿਰਭਰ ਕਰਦੀ ਹੈ। ਪਰ ਕਾਂਗਰਸ ਪਾਰਟੀ ਅਤੇ ਤਤਕਾਲੀ ਰਾਜੀਵ ਗਾਂਧੀ ਸਰਕਾਰ 'ਚ ਇਸ ਸਮਝੌਤੇ ਨੂੰ ਲਾਗੂ ਕਰਨ ਲਈ ਲੋੜੀਂਦੀ ਸਿਆਸੀ ਇੱਛਾ-ਸ਼ਕਤੀ ਹੀ ਨਹੀਂ ਸੀ। ਨਤੀਜੇ ਵਜੋਂ 41 ਸਾਲ ਪਹਿਲਾਂ ਹੀ ਇਹ ਸਮਝੌਤਾ ਭਾਰਤੀ ਰਾਜਨੀਤਿਕ ਇਤਿਹਾਸ ਦਾ ਇੱਕ ਅਧੂਰਾ ਅਤੇ ਦੁਖਦਾਈ ਅਧਿਆਇ ਬਣ ਗਿਆ, ਜਦਕਿ 26 ਜੁਲਾਈ 1985 ਨੂੰ ਸ਼੍ਰੋਮਣੀ ਅਕਾਲੀ ਦਲ ਨੇ ਇਸ ਨੂੰ ਪ੍ਰਵਾਨਗੀ ਦੇ ਕੇ ਧਰਮ ਯੁੱਧ ਮੋਰਚਾ ਵਾਪਸ ਲੈ ਲਿਆ ਸੀ।

ਪ੍ਰੋ. ਖਿਆਲਾ ਨੇ ਯਾਦ ਕਰਵਾਇਆ ਕਿ ਇਸ ਸਮਝੌਤੇ ਵਿੱਚ ਅਗਸਤ 1982 ਤੋਂ ਬਾਅਦ ਮਾਰੇ ਗਏ ਨਿਰਦੋਸ਼ਾਂ ਦੇ ਪਰਿਵਾਰਾਂ ਨੂੰ ਮੁਆਵਜ਼ਾ, ਫ਼ੌਜ ਵਿੱਚ ਮੈਰਿਟ ਅਧਾਰਿਤ ਭਰਤੀ, ਦਿੱਲੀ, ਬੋਕਾਰੋ ਅਤੇ ਕਾਨਪੁਰ ਤੱਕ ਸਿੱਖ ਕਤਲੇਆਮ ਦੀ ਜਾਂਚ ਦਾ ਵਿਸਥਾਰ, ਕੱਢੇ ਗਏ ਫ਼ੌਜੀਆਂ ਲਈ ਬਦਲਵਾਂ ਰੁਜ਼ਗਾਰ, ਆਲ ਇੰਡੀਆ ਸਿੱਖ ਗੁਰਦੁਆਰਾ ਐਕਟ, ਚੰਡੀਗੜ੍ਹ ਅਤੇ ਪੰਜਾਬੀ ਬੋਲਦੇ ਇਲਾਕਿਆਂ ਦਾ ਮੁੱਦਾ, ਅਨੰਦਪੁਰ ਸਾਹਿਬ ਦੇ ਮਤੇ ਨੂੰ ਸੰਵਿਧਾਨਕ ਘੇਰੇ ਵਿੱਚ ਵਿਚਾਰਨਾ, ਘੱਟ ਗਿਣਤੀਆਂ ਦੇ ਹੱਕਾਂ ਦੀ ਸੁਰੱਖਿਆ ਅਤੇ ਪੰਜਾਬੀ ਭਾਸ਼ਾ ਦੇ ਵਿਕਾਸ ਵਰਗੇ ਅਹਿਮ ਵਿਸ਼ੇ ਸ਼ਾਮਲ ਸਨ। ਜਿਨਾਂ 'ਤੇ ਕਦੀ ਵੀ ਅਮਲ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਾਣੀਆਂ ਦੇ ਮੁੱਦੇ ਨੂੰ ਟ੍ਰਿਬਿਊਨਲ ਦੇ ਹਵਾਲੇ ਤਾਂ ਕੀਤਾ ਗਿਆ, ਪਰ ਉਸ ਦੇ "erms of Reference ਕਦੇ ਸਪਸ਼ਟ ਨਹੀਂ ਕੀਤੇ ਗਏ।

ਪ੍ਰੋ. ਖਿਆਲਾ ਨੇ ਕਿਹਾ ਕਿ ਰਾਜੀਵ-ਲੌਂਗੋਵਾਲ ਸਮਝੌਤੇ ਦੀ ਇਤਿਹਾਸਕ ਪ੍ਰਸੰਗਿਕਤਾ ਨੂੰ ਰੋਲਣ ਲਈ ਕਾਂਗਰਸ ਜ਼ਿੰਮੇਵਾਰ ਹੈ। ਉਨ੍ਹਾਂ ਆਮ ਆਦਮੀ ਪਾਰਟੀ ਸਰਕਾਰ ਨੂੰ ਸਵਾਲ ਕੀਤਾ ਕਿ ਜੇਕਰ ਉਸ ਨੂੰ ਸੱਚਮੁੱਚ ਸੰਤ ਲੌਂਗੋਵਾਲ ਪ੍ਰਤੀ ਸਤਿਕਾਰ ਦੀ ਭਾਵਨਾ ਹੈ ਤਾਂ ਉਹ ਉਨ੍ਹਾਂ ਦੀ ਸ਼ਹਾਦਤ ਦੀ ਮੂਲ ਭਾਵਨਾ—ਅਮਨ, ਸੰਵਾਦ, ਪੰਜਾਬ ਦੀ ਏਕਤਾ ਅਤੇ ਸਦਭਾਵਨਾ—ਨੂੰ ਅਮਲ ਵਿੱਚ ਕਿਉਂ ਨਹੀਂ ਲਿਆਉਂਦੀ?

ਉਨ੍ਹਾਂ ਕਿਹਾ ਕਿ ਸੰਤ ਲੌਂਗੋਵਾਲ ਦੀ ਬਰਸੀ ਨੂੰ ਸਿਆਸੀ ਟਕਰਾਅ ਦਾ ਮੰਚ ਨਹੀਂ, ਸਗੋਂ ਪੰਜਾਬ ਦੀ ਅਮਨ-ਸ਼ਾਂਤੀ ਅਤੇ ਏਕਤਾ ਦਾ ਸੰਦੇਸ਼ ਬਣਾਇਆ ਜਾਣਾ ਚਾਹੀਦਾ ਹੈ। ਨਸ਼ਿਆਂ, ਗੈਂਗਸਟਰਵਾਦ, ਬੇਰੁਜ਼ਗਾਰੀ ਅਤੇ ਸਮਾਜਿਕ ਤਣਾਅ ਨਾਲ ਜੂਝ ਰਹੇ ਪੰਜਾਬ ਨੂੰ ਭੜਕਾਊ ਸਿਆਸਤ ਨਹੀਂ, ਸਗੋਂ ਜ਼ਿੰਮੇਵਾਰ ਸ਼ਾਸਨ ਅਤੇ ਸਦਭਾਵਨਾ ਦੀ ਲੋੜ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸੱਦਾ-ਪੱਤਰ

ੴ ਸਤਿਗੁਰ ਪ੍ਰਸਾਦਿ ॥

## ਸ਼ਹੀਦ ਬਾਬਾ ਬੇਅੰਤ ਸਿੰਘ ਜੀ ਦੀ ਯਾਦ ਵਿੱਚ

ਗੁ: ਸ਼ਹੀਦਾਂ ਸਿੰਘਾਂ ਮੇਨ ਰੋਡ ਪਿੰਡ ਚੌਹੜਾ-ਡਘਾਮ (ਕੋਟ ਪੱਲੀਆਂ) ਵਿਖੇ

**ਮਿਤੀ 22 ਅਗਸਤ 2026 ਦਿਨ ਸ਼ਨੀਵਾਰ ਨੂੰ**

# ਬਰਸੀ ਸਮਾਗਮ

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਬਰਸੀ ਸਮਾਗਮ ਵਿੱਚ ਆਪ ਜੀ ਨੇ ਪਰਿਵਾਰ ਅਤੇ ਵੱਧ ਤੋਂ ਵੱਧ ਸੰਗਤਾਂ ਸਮੇਤ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

|| 20 ਅਗਸਤ ਦਿਨ ਵੀਰਵਾਰ ਨੂੰ ਅਰੰਭ ਸ੍ਰੀ ਅਖੰਡਪਾਠ ਸਾਹਿਬ ਜੀ
22 ਅਗਸਤ ਦਿਨ ਸ਼ਨੀਵਾਰ ਨੂੰ ਭੋਗ ਉਪਰੰਤ ਦੀਵਾਨ ਸਜਣਗੇ ||

## ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਜੀ ਰੋਡੇ

(ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਸਰਪ੍ਰਸਤ ਪੰਥਕ ਅਕਾਲੀ ਦਲ

*ਪਹੁੰਚ ਰਹੇ ਪੰਥ ਪ੍ਰਸਿੱਧ ਕਥਾ ਵਾਚਕ, ਕਵੀਸ਼ਰੀ ਅਤੇ ਕੀਰਤਨੀ ਜਥੇ :-*

* ਭਾਈ ਬਲਵੰਤ ਸਿੰਘ ਬਕਾਪੁਰ ਵਾਲੇ
* ਉਸਤਾਦ ਗਿਆਨੀ ਬਲਕਾਰ ਸਿੰਘ ਜੀ ਗੁਰੂ ਨਾਨਕ ਦਲ ਮੜ੍ਹੀਆਂ ਵਾਲੇ
* ਭਾਈ ਬਿਕਰਮਜੀਤ ਸਿੰਘ ਮਹਿੰਦਪੁਰ ਵਾਲੇ
* ਗਿਆਨੀ ਕੇਵਲ ਸਿੰਘ ਮਹਿਤਾ, ਕੋਮਲ ਅਤੇ ਸੋਹੀ ਭਰਾ (ਪੰਥ ਪ੍ਰਸਿੱਧ ਕਵੀਸ਼ਰ ਜਥਾ)

**ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ**



ਗੁਰਦੁਆਰਾ ਸ਼ਹੀਦਾਂ ਸਿੰਘਾਂ ਦੀ ਇਮਾਰਤ ਦੀ ਕਾਰ ਸੇਵਾ ਚੱਲ ਰਹੀ ਹੈ ਸੰਗਤਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਓ ਜੀ।

ਨੋਟ : ਗੁਰਦੁਆਰਾ ਸਾਹਿਬ ਵਿਖੇ ਗੁਰਬਾਣੀ ਦੀ ਸੰਥਿਆ ਕਰਵਾਈ ਜਾਂਦੀ ਹੈ।

ਬੇਨਤੀ ਕਰਤਾ

## ਜਥੇਦਾਰ ਸਵਰਨਜੀਤ ਸਿੰਘ

(ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਦੋਆਬਾ) 98760-81108

**ਏਕ ਨੂਰ ਸਵੈ-ਸੇਵੀ ਸੰਸਥਾ (ਰਜਿ.) ਪਠਲਾਵਾ**

ਸਮੂਹ ਸੇਵਾਦਾਰ ਅਤੇ ਇਲਾਕੇ ਦੀਆਂ ਸੰਗਤਾਂ।

ਆਵਾਜ਼ਿ ਕੌਮ AWAZE QAUM International Newspaper & WEB TV



ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ
ਵੱਲੋਂ
21 ਅਗਸਤ ਨੂੰ
ਪੰਜਾਬ
ਬੰਦ
ਦਾ ਸੱਦਾ
ਆਵਾਜ਼ਿ ਕੌਮ AWAZE QAUM International Newspaper & WEB TV
ਸਮੂਹ ਧਾਰਮਿਕ, ਸਮਾਜਿਕ, ਵਪਾਰਕ ਅਤੇ
ਸਿੱਖ ਜਥੇਬੰਦੀਆਂ ਸਮੇਤ ਪੰਜਾਬ ਵਿੱਚ ਵੱਸਦੇ
ਹਰ ਇੱਕ ਪ੍ਰਾਣੀ ਨੂੰ ਅਪੀਲ ਹੈ ਕਿ
ਬੰਦੀ ਸਿੰਘਾਂ ਦੀ ਰਿਹਾਈ ਲਈ
ਇਸ ਪੰਜਾਬ ਬੰਦ ਦੇ ਸੱਦੇ ਵਿੱਚ
ਆਪਣਾ ਸਹਿਯੋਗ ਦੇਣ।
ਪੰਜਾਬ ਦੇ ਜੰਮੇ-ਜਾਏ ਨੌਜਵਾਨ
ਬੰਦੀ ਸਿੰਘਾਂ ਦੀ ਰਿਹਾਈ ਲਈ–
ਆਓ, ਇਕਜੁੱਟ ਹੋ ਕੇ ਆਵਾਜ਼ ਬੁਲੰਦ ਕਰੀਏ।
ਕੌਮੀ ਇਨਸਾਫ਼ ਮੋਰਚਾ, ਚੰਡੀਗੜ੍ਹ


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਗੁਰਦੁਆਰਾ
ਬੰਗਲਾ ਸਾਹਿਬ
22 ਅਗਸਤ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ
ਸੀਸਗੰਜ ਸਾਹਿਬ
23 ਅਗਸਤ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰ.- 9814015740, 9356060960
ਆਵਾਜ਼ਿ ਕੌਮ
AWAZE QAUM
International Newspaper & WEB TV

### ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਨੇ

# ਵੂਫਰ ਗੇਮ ਜ਼ੋਨ ਵਿਖੇ ਮਾਣਿਆ ਮਨੋਰੰਜਕ ਟ੍ਰਿਪ ਦਾ ਆਨੰਦ




**ਤਲਵੰਡੀ ਸਾਬੋ, 18 ਅਗਸਤ (ਗੁਰਜੰਟ ਸਿੰਘ ਨਥੇਹਾ)**- ਸਤਿਗੁਰੂ ਪਬਲਿਕ ਸਕੂਲ ਕਲਾਲਵਾਲਾ ਦੇ ਵਿਦਿਆਰਥੀਆਂ ਲਈ ਸਕੂਲ ਮੈਨੇਜਮੈਂਟ ਵੱਲੋਂ ਭੁੱਚੋ ਸਥਿਤ ਵੂਫਰ ਗੇਮ ਜ਼ੋਨ ਵਿਖੇ ਇੱਕ ਮਨੋਰੰਜਕ ਅਤੇ ਯਾਦਗਾਰ ਟ੍ਰਿਪ ਦਾ ਆਯੋਜਨ ਕੀਤਾ ਗਿਆ। ਇਸ ਟ੍ਰਿਪ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਰੁਝੇਵਿਆਂ ਤੋਂ ਇਲਾਵਾ ਮਨੋਰੰਜਨ ਦੇ ਨਾਲ-ਨਾਲ ਨਵਾਂ ਅਨੁਭਵ ਪ੍ਰਦਾਨ ਕਰਨਾ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਸੀ। ਟ੍ਰਿਪ ਦੌਰਾਨ ਵਿਦਿਆਰਥੀਆਂ ਨੇ ਵੂਫਰ ਗੇਮ ਜ਼ੋਨ ਵਿਖੇ ਵੱਖ-ਵੱਖ ਗੇਮਾਂ ਅਤੇ ਮਨੋਰੰਜਕ ਗਤੀਵਿਧੀਆਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਬੱਚਿਆਂ ਨੇ ਆਪਣੇ ਦੋਸਤਾਂ ਅਤੇ ਅਧਿਆਪਕਾਂ ਨਾਲ ਖੂਬ ਮਸਤੀ ਕੀਤੀ ਅਤੇ ਵੱਖ-ਵੱਖ ਗਤੀਵਿਧੀਆਂ ਦਾ ਭਰਪੂਰ ਆਨੰਦ ਮਾਣਿਆ। ਪੂਰੇ ਦਿਨ ਦੌਰਾਨ ਵਿਦਿਆਰਥੀਆਂ ਵਿੱਚ ਖੁਸ਼ੀ, ਉਤਸ਼ਾਹ ਅਤੇ ਚਹਿਕਣ ਦਾ ਮਾਹੌਲ ਬਣਿਆ ਰਿਹਾ। ਇਸ ਮੌਕੇ ਵਿਦਿਆਰਥੀਆਂ ਨੂੰ ਧਾਰਮਿਕ ਅਤੇ ਸੱਭਿਆਚਾਰਕ ਪੱਖੋਂ ਵੀ ਜੋੜਨ ਲਈ ਉਨ੍ਹਾਂ ਵੱਲੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ ਗਿਆ। ਵਿਦਿਆਰਥੀਆਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਨਤਮਸਤਕ ਹੋ ਕੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਗੁਰਬਾਣੀ ਤੇ ਗੁਰਮਤਿ ਨਾਲ ਜੁੜਨ ਦਾ ਅਨੁਭਵ ਪ੍ਰਾਪਤ ਕੀਤਾ। ਇਸ ਤਰ੍ਹਾਂ ਇਹ ਟ੍ਰਿਪ ਮਨੋਰੰਜਨ ਦੇ ਨਾਲ-ਨਾਲ ਧਾਰਮਿਕ ਅਤੇ ਸੱਭਿਆਚਾਰਕ ਪੱਖੋਂ ਵੀ ਵਿਦਿਆਰਥੀਆਂ ਲਈ ਯਾਦਗਾਰ ਬਣੀ। ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਮਧੂ ਬਾਂਸਲ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਮਨੋਰੰਜਕ ਅਤੇ ਗਤੀਵਿਧੀ-ਅਧਾਰਿਤ ਯਾਤਰਾਵਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਅਜਿਹੇ ਟ੍ਰਿਪ ਵਿਦਿਆਰਥੀਆਂ ਵਿੱਚ ਆਪਸੀ ਸਾਂਝ, ਟੀਮ ਵਰਕ, ਆਤਮ-ਵਿਸ਼ਵਾਸ ਅਤੇ ਨਵੀਆਂ ਚੀਜ਼ਾਂ ਸਿੱਖਣ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਕੂਲ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਦੀ ਸੁਰੱਖਿਆ ਅਤੇ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਦਿਆਂ ਟ੍ਰਿਪ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਗਿਆ। ਵਿਦਿਆਰਥੀਆਂ ਅਤੇ ਅਧਿਆਪਕਾਂ ਲਈ ਇਹ ਪੂਰਾ ਦਿਨ ਖੁਸ਼ੀਆਂ, ਮਨੋਰੰਜਨ ਅਤੇ ਯਾਦਗਾਰੀ ਪਲਾਂ ਨਾਲ ਭਰਪੂਰ ਰਿਹਾ। ਇਹ ਟ੍ਰਿਪ ਵਿਦਿਆਰਥੀਆਂ ਲਈ ਇੱਕ ਸੁੰਦਰ ਅਤੇ ਯਾਦਗਾਰ ਅਨੁਭਵ ਬਣ ਕੇ ਉਨ੍ਹਾਂ ਦੀਆਂ ਯਾਦਾਂ ਵਿੱਚ ਲੰਬੇ ਸਮੇਂ ਤੱਕ ਵੱਸਿਆ ਰਹੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਐਡਵੋਕੇਟ ਧਾਮੀ ਦੀ ਅਗਵਾਈ ’ਚ ਸ਼੍ਰੋਮਣੀ ਕਮੇਟੀ ਵਫ਼ਦ ਵੱਲੋਂ

# ਪਾਕਿਸਤਾਨ ਹਾਈ ਕਮਿਸ਼ਨ ਨਾਲ ਮੁਲਾਕਾਤ



**ਨਵੀਂ ਦਿੱਲੀ, 18 ਅਗਸਤ (ਮਨਪ੍ਰੀਤ ਸਿੰਘ ਖਾਲਸਾ):** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਵਫ਼ਦ ਨੇ ਦਿੱਲੀ ਸਥਿਤ ਪਾਕਿਸਤਾਨ ਹਾਈ ਕਮਿਸ਼ਨ ਦੇ ਮੁੱਖ ਅਧਿਕਾਰੀ ਜਨਾਬ ਸ਼ਾਇਦ ਅਹਿਮਦ ਵੜੈਚ ਨਾਲ ਮੁਲਾਕਾਤ ਕਰਕੇ ਨਵੰਬਰ 2026 ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਪਾਕਿਸਤਾਨ ਜਾਣ ਵਾਲੇ ਵੱਧ ਤੋਂ ਵੱਧ ਸਿੱਖ ਸ਼ਰਧਾਲੂਆਂ ਨੂੰ ਵੀਜ਼ੇ ਜਾਰੀ ਕਰਨ ਦੀ ਮੰਗ ਕੀਤੀ। ਇਸ ਸਬੰਧੀ ਹਾਈ ਕਮਿਸ਼ਨ ਨੂੰ ਲਿਖਤੀ ਪੱਤਰ ਵੀ ਸੌਂਪਿਆ ਗਿਆ। ਵਫ਼ਦ ਵਿਚ ਭਾਈ ਰਜਿੰਦਰ ਸਿੰਘ ਮਹਿਤਾ, ਸ. ਪਰਮਜੀਤ ਸਿੰਘ ਸਰਨਾ, ਸ. ਮਨਜੀਤ ਸਿੰਘ ਜੀ.ਕੇ., ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਅਤੇ ਮੈਨੇਜਰ ਸ. ਰਜਿੰਦਰ ਸਿੰਘ ਰੂਬੀ ਦੇ ਨਾਲ ਰਮਨਦੀਪ ਸਿੰਘ ਸੋਨੂੰ ਵੀ ਮੌਜੂਦ ਸਨ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਪ੍ਰਕਾਸ਼ ਪੁਰਬ ਸਮਾਗਮਾਂ ਵਿਚ ਸ਼ਾਮਲ ਹੋਣਾ ਸਿੱਖ ਸੰਗਤ ਦੀ ਡੂੰਘੀ ਧਾਰਮਿਕ ਭਾਵਨਾ ਹੈ। ਇਸ ਵਾਰ 7500 ਤੋਂ ਵੱਧ ਸ਼ਰਧਾਲੂ ਆਪਣੇ ਪਾਸਪੋਰਟ ਸ਼੍ਰੋਮਣੀ ਕਮੇਟੀ ਕੋਲ ਜਮ੍ਹਾਂ ਕਰਵਾ ਚੁੱਕੇ ਹਨ, ਇਸ ਲਈ ਨਿਰਧਾਰਤ ਕੋਟੇ ਤੋਂ ਉੱਪਰ ਉੱਠ ਕੇ ਵੱਧ ਤੋਂ ਵੱਧ ਸੰਗਤ ਨੂੰ ਵੀਜ਼ੇ ਦੇਣ ਲਈ ਵਿਸ਼ੇਸ਼ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਨਿੱਜੀ ਤੌਰ ’ਤੇ ਸੰਗਠਿਤ ਸਿੱਖ ਜਥਿਆਂ ਨੂੰ ਵੀਜ਼ੇ ਨਾ ਮਿਲਣ ਅਤੇ ਸ੍ਰੀ ਕਰਤਾਰਪੁਰ ਸਾਹਿਬ ਲਾਂਘਾ ਬੰਦ ਹੋਣ ਕਾਰਨ ਸੰਗਤ ਦੀ ਗੁਰਧਾਮਾਂ ਦੇ ਦਰਸ਼ਨਾਂ ਦੀ ਤਾਂਘ ਹੋਰ ਵਧੀ ਹੈ। ਉਨ੍ਹਾਂ ਪਾਕਿਸਤਾਨ ਸਰਕਾਰ ਤੋਂ ਸਿੱਖ ਸੰਗਤ ਦੀਆਂ ਧਾਰਮਿਕ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਹਾਂ-ਪੱਖੀ ਫ਼ੈਸਲੇ ਦੀ ਉਮੀਦ ਪ੍ਰਗਟਾਈ ਅਤੇ ਭਾਰਤ ਸਰਕਾਰ ਨੂੰ ਵੀ ਵੱਧ ਤੋਂ ਵੱਧ ਸ਼ਰਧਾਲੂਆਂ ਦੀ ਪਾਕਿਸਤਾਨ ਯਾਤਰਾ ਸੁਖਾਲੀ ਬਣਾਉਣ ਲਈ ਮਾਮਲਾ ਪ੍ਰਭਾਵਸ਼ਾਲੀ ਢੰਗ ਨਾਲ ਪਾਕਿਸਤਾਨ ਸਰਕਾਰ ਕੋਲ ਉਠਾਉਣ ਦੀ ਅਪੀਲ ਕੀਤੀ। ਨਾਲ ਹੀ ਉਨ੍ਹਾਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦਾ ਲਾਂਘਾ ਤੁਰੰਤ ਮੁੜ ਖੋਲ੍ਹਣ ਦੀ ਮੰਗ ਕੀਤੀ। ਇਸ ਮੌਕੇ ਐਡਵੋਕੇਟ ਧਾਮੀ ਵੱਲੋਂ ਪਾਕਿਸਤਾਨ ਹਾਈ ਕਮਿਸ਼ਨ ਦੇ ਅਧਿਕਾਰੀਆਂ ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਸ਼ਾਲ ਦੇ ਕੇ ਸਨਮਾਨਿਤ ਕੀਤਾ ਗਿਆ।

**ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਵੱਧ ਤੋਂ ਵੱਧ ਸ਼ਰਧਾਲੂਆਂ ਨੂੰ ਵੀਜ਼ੇ ਦੇਣ ਦੀ ਕੀਤੀ ਮੰਗ**

ਆਵਾਜ਼ਿ ਕੌਮ AWAZE QAUM International Newspaper & WEB TV

# ਆਮ ਘਰਾਂ ਦੇ ਧੀਆਂ-ਪੁੱਤਾਂ ਨੂੰ ਮਿਲਿਆ ਮਾਣ, ਵਰਕਰਾਂ ਤੇ ਆਮ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਘਰਾਂ ਨਾਲ ਸਬੰਧਤ ਧੀਆਂ-ਪੁੱਤਾਂ ਨੂੰ ਨਗਰ ਕੌਂਸਲ ਦੀ ਪ੍ਰਧਾਨ, ਵਾਈਸ ਪ੍ਰਧਾਨ ਅਤੇ ਸੀਨੀਅਰ ਵਾਈਸ ਪ੍ਰਧਾਨ ਵਰਗੀਆਂ ਅਹਿਮ ਜ਼ਿੰਮੇਵਾਰੀਆਂ ਸੌਂਪੇ ਜਾਣ ਨਾਲ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਆਮ ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਵਰਕਰ ਜਸਪ੍ਰੀਤ ਧੂਰਾ ਨੇ ਕਿਹਾ ਕਿ ਮੁੱਖ ਮੰਤਰੀ ਵੱਲੋਂ ਆਮ ਲੋਕਾਂ ਦੇ ਧੀਆਂ-ਪੁੱਤਾਂ ਨੂੰ ਮਾਣ-ਸਨਮਾਨ ਅਤੇ ਵੱਡੀਆਂ ਜ਼ਿੰਮੇਵਾਰੀਆਂ ਦੇਣਾ ਉਨ੍ਹਾਂ ਦੇ ਵੱਡੇ ਦਿਲ ਅਤੇ ਆਮ ਲੋਕਾਂ ਪ੍ਰਤੀ ਭਰੋਸੇ ਨੂੰ ਦਰਸਾਉਂਦਾ ਹੈ। ਜਸਪ੍ਰੀਤ ਧੂਰਾ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਸ਼ਹਿਰ ਵਿੱਚ ਕਈ ਤਰ੍ਹਾਂ ਦੀਆਂ ਕਿਆਸ-ਅਰਾਈਆਂ ਲਗਾਈਆਂ ਜਾ ਰਹੀਆਂ ਸਨ ਕਿ ਪ੍ਰਧਾਨਗੀਆਂ ਅਤੇ ਚੇਅਰਮੈਨੀਆਂ ਸਿਰਫ਼ ਧਨਾਢ ਅਤੇ ਪ੍ਰਭਾਵਸ਼ਾਲੀ ਪਰਿਵਾਰਾਂ ਦੇ ਘਰਾਂ ਤੱਕ ਹੀ ਸੀਮਤ ਰਹਿਣਗੀਆਂ ਪਰ ਸਰਕਾਰ ਵੱਲੋਂ ਲਏ ਗਏ ਫੈਸਲਿਆਂ ਨੇ ਇਨ੍ਹਾਂ ਕਿਆਸ-ਅਰਾਈਆਂ ਨੂੰ ਗਲਤ ਸਾਬਤ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਜਿਲ੍ਹਾ ਪ੍ਰੀਸ਼ਦ ਦੀ ਚੇਅਰਮੈਨੀ ਧੂਰੀ ਹਲਕੇ ਦੇ ਪਿੰਡ ਭੁੱਲਰਹੇੜੀ ਦੇ ਇੱਕ ਮਿਹਨਤੀ ਆਮ ਵਰਕਰ ਰਛਪਾਲ ਸਿੰਘ ਭੁਲਰਹੇੜੀ ਦੀ ਝੋਲੀ ਪਈ ਅਤੇ ਬਲਾਕ ਸਮੰਤੀ ਦੀ ਚੇਅਰਮੈਨੀ ਧੂਰੀ ਦੇ ਪਿੰਡ ਕਾਝਲਾਂ ਦੇ ਨੌਜਵਾਨ ਰਨਜੋਧ ਸਿੰਘ ਦੀ ਝੋਲੀ ਪਈ। ਹੁਣ ਇਸੇ ਤਰ੍ਹਾਂ ਧੂਰੀ ਨਗਰ ਕੌਂਸਲ ਦੀ ਪ੍ਰਧਾਨਗੀ ਵੀ ਆਮ ਪਰਿਵਾਰ ਨਾਲ ਸਬੰਧਤ ਧੀ ਅਮਰਜੋਤ ਕੌਰ ਬਾਜਵਾ ਨੂੰ ਦਿੱਤੀ ਗਈ ਹੈ, ਜਦਕਿ ਭੈਣ ਸੁਨੀਲ ਰਾਣੀ ਨੂੰ ਸੀਨੀਅਰ ਵਾਈਸ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਤਰ੍ਹਾ ਅਜੈਬ ਸਿੰਘ ਹੈਪੀ ਨੂੰ ਵਾਈਸ ਪ੍ਰਧਾਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਜੋ ਕਿ ਇੱਕ ਬਹੁਤ ਹੀ ਸਧਾਰਨ ਪਰਿਵਾਰ ਨਾਲ ਸਬੰਧਤ ਨੌਜਵਾਨ ਹਨ। ਉਨ੍ਹਾਂ ਕਿਹਾ ਕਿ ਇਹ ਫੈਸਲੇ ਇਸ ਗੱਲ ਦਾ ਸਬੂਤ ਹਨ ਕਿ ਆਮ ਪਰਿਵਾਰਾਂ ਨਾਲ ਸਬੰਧਤ ਮਿਹਨਤੀ ਲੋਕਾਂ ਨੂੰ ਵੀ ਸਿਆਸੀ ਅਤੇ ਸਮਾਜਿਕ ਖੇਤਰ ਵਿੱਚ ਅੱਗੇ ਆਉਣ ਦਾ ਪੂਰਾ ਮੌਕਾ ਦਿੱਤਾ ਜਾ ਰਿਹਾ ਹੈ। ਇਸ ਨਾਲ ਪਾਰਟੀ ਦੇ ਜ਼ਮੀਨੀ ਪੱਧਰ ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ ਅਤੇ ਆਮ ਲੋਕਾਂ ਵਿੱਚ ਵੀ ਸਰਕਾਰ ਪ੍ਰਤੀ ਭਰੋਸਾ ਵਧਿਆ ਹੈ। ਜਸਪ੍ਰੀਤ ਧੂਰਾ ਨੇ ਕਿਹਾ ਕਿ ਆਮ ਘਰਾਂ ਦੇ ਲੋਕਾਂ ਨੂੰ ਅੱਗੇ ਲਿਆਉਣ ਨਾਲ ਲੋਕਤੰਤਰ ਹੋਰ ਮਜ਼ਬੂਤ ਹੁੰਦਾ ਹੈ। ਉਨ੍ਹਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਅਤੇ ਪੂਰੀ ਤਨਦੇਹੀ ਨਾਲ ਨਿਭਾਉਂਦੇ ਹੋਏ ਧੂਰੀ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਜੀਵਨ ਦੇ ਸੰਘਰਸ਼ ’ਚ ਅੜਨ ਵਾਲੇ ਹੀ ਰਚਦੇ ਹਨ ਇਤਿਹਾਸ; ਨਤੀਜੇ ਆਉਣ ’ਤੇ ਬਦਲਦਾ ਹੈ ਦੁਨੀਆ ਦਾ ਨਜ਼ਰੀਆ

## ਲੋਕਾਂ ਦੀਆਂ ਗੱਲਾਂ ਛੱਡ ਕੇ ਆਪਣੇ ਰਾਹ ’ਤੇ ਤੁਰਨ ਵਾਲੇ ਹੀ ਬਣਦੇ ਨੇ ਮਿਸਾਲ

ਮਨੁੱਖੀ ਜੀਵਨ ਵਿਚਾਰਾਂ, ਸੰਘਰਸ਼ਾਂ ਅਤੇ ਦ੍ਰਿੜ੍ਹ ਇਰਾਦਿਆਂ ਦਾ ਇੱਕ ਅਜਿਹਾ ਪੜਾਅ ਹੈ ਜਿੱਥੇ ਹਰ ਵਿਅਕਤੀ ਨੂੰ ਆਪਣੇ ਹੌਂਸਲੇ ਦੀ ਪ੍ਰੀਖਿਆ ਦੇਣੀ ਪੈਂਦੀ ਹੈ । ਜੀਵਨ ਦੀ ਇਸ ਲੜਾਈ ਵਿੱਚ ਦੋ ਪ੍ਰਮੁੱਖ ਵਿਚਾਰ ਸਾਨੂੰ ਡੂੰਘੀ ਪ੍ਰੇਰਨਾ ਦਿੰਦੇ ਹਨ । ਪਹਿਲਾ, ਸਾਡੇ ਮਨ ਦੀ ਦ੍ਰਿੜ੍ਹਤਾ ਅਤੇ ਅੜਨ ਦੀ ਸ਼ਕਤੀ, ਅਤੇ ਦੂਜਾ, ਸਮਾਜ ਵੱਲੋਂ ਸਾਡੇ ਸੰਘਰਸ਼ ਅਤੇ ਨਤੀਜਿਆਂ ਨੂੰ ਦੇਖਣ ਦਾ ਨਜ਼ਰੀਆ ।

ਦ੍ਰਿੜ੍ਹਤਾ ਦੀ ਮਹੱਤਤਾ ਸਿੱਖ ਇਤਿਹਾਸ ਦੇ ਅਜ਼ੀਮ ਯੋਧਿਆਂ ਦੇ ਜੀਵਨ ਵੱਲ ਤੱਕ ਕੇ ਸਪਸ਼ਟ ਹੁੰਦੀ ਹੈ, ਜਿਨ੍ਹਾਂ ਦੇ ਅਟੱਲ ਸਿਦਕ ਤੋਂ ਇਹ ਹਕੀਕਤ ਸਾਹਮਣੇ ਆਉਂਦੀ ਹੈ ਕਿ ਵੇਖਣ ਵਾਲੀ ਗੱਲ ਇਹ ਨਹੀਂ ਹੁੰਦੀ ਕਿ ਕਿੰਨੇ ਲੋਕ ਹਾਰ ਗਏ, ਵੇਖਣ ਵਾਲੀ ਗੱਲ ਇਹ ਹੁੰਦੀ ਹੈ ਕਿ ਸੱਚ ਦੀ ਖ਼ਾਤਰ ਅੜੇ ਕਿੰਨੇ । ਜਦੋਂ ਵੀ ਸਮਾਜ ਜਾਂ ਜੀਵਨ ਵਿੱਚ ਕੋਈ ਬਦਲਾਅ, ਮੁਹਿੰਮ ਜਾਂ ਔਖਾ ਸਮਾਂ ਆਉਂਦਾ ਹੈ, ਤਾਂ ਅਕਸਰ ਲੋਕ ਇਹ ਗਿਣਨ ਲੱਗ ਜਾਂਦੇ ਹਨ ਕਿ ਕਿੰਨੇ ਲੋਕ ਹਾਰ ਗਏ, ਕਿੰਨੇ ਪਿੱਛੇ ਹਟ ਗਏ ਜਾਂ ਕਿੰਨੇ ਪੱਤਿਆਂ ਵਾਂਗ ਝੜ ਗਏ । ਪਰ ਅਸਲ ਅਹਿਮਿਅਤ ਇਸ ਗੱਲ ਦੀ ਨਹੀਂ ਹੁੰਦੀ ਕਿ ਕਿੰਨੇ ਲੋਕ ਮੁਸ਼ਿਕਲਾਂ ਅੱਗੇ ਝੁਕ ਗਏ, ਬਲਕਿ ਮਹੱਤਵਪੂਰਨ ਇਹ ਹੁੰਦਾ ਹੈ ਕਿ ਮੁਸੀਬਤਾਂ ਦੇ ਤੂਫ਼ਾਨ ਵਿੱਚ ਕਿੰਨੇ ਸੂਰਮੇ ਆਪਣੀ ਥਾਂ ’ਤੇ ਅੜੇ ਰਹੇ । ਜਿਵੇਂ ਬਾਬਾ ਬੰਦਾ ਸਿੰਘ ਬਹਾਦਰ ਜੀ ਨੇ ਅਨੇਕਾਂ ਔਕੜਾਂ, ਵਸੀਲਿਆਂ ਦੀ ਘਾਟ ਅਤੇ ਸ਼ਾਹੀ ਫ਼ੌਜਾਂ ਦੇ ਵੱਡੇ ਘੇਰਿਆਂ ਦੇ ਬਾਵਜੂਦ ਵਾਰ-ਵਾਰ ਸੰਘਰਸ਼ ਕਰ ਕੇ ਮੁਗ਼ਲ ਹਕੂਮਤ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਅਤੇ ਪਹਿਲੇ ਸਿੱਖ ਰਾਜ ਦੀ ਸਥਾਪਨਾ ਕਰ ਕੇ ਮਾਣਮੱਤਾ ਇਤਿਹਾਸ ਸਿਰਜਿਆ । ਜਿਵੇਂ ਇੱਕ ਵੱਡੇ ਹਲਚਲ ਵਾਲੇ ਅੰਦੋਲਨ, ਖੇਡ ਦੇ ਮੈਦਾਨ ਜਾਂ ਵਪਾਰਿਕ ਖੇਤਰ ਵਿੱਚ ਹਜ਼ਾਰਾਂ ਲੋਕ ਸ਼ੁਰੂਆਤ ਕਰਦੇ ਹਨ, ਪਰ ਜਿੱਤ ਉਨ੍ਹਾਂ ਦੀ ਹੁੰਦੀ ਹੈ ਜੋ ਅਖੀਰ ਤੱਕ ਮੈਦਾਨ ਵਿੱਚ ਡਟੇ ਰਹਦੇ ਹਨ । ‘ਝੜਨਾ’ ਕਮਜ਼ੋਰੀ ਦੀ ਨਿਸ਼ਾਨੀ ਹੈ, ਜਦਕਿ ‘ਅੜਨਾ’ ਅਮਰ ਇਤਿਹਾਸ ਸਿਰਜਣ ਦੀ ਨਿਸ਼ਾਨੀ ਹੈ ।

ਦੂਜੇ ਪਾਸੇ, ਸਿੱਖ ਇਤਿਹਾਸ ਦਾ ਇਹ ਬੁਨਿਆਦੀ ਸੱਚ ਬਿਆਨ ਕਰਦਾ ਹੈ ਕਿ ਜਦੋਂ ਤੁਸੀਂ ਕੋਈ ਵੱਡਾ ਜਾਂ ਅਨੋਖਾ ਕਾਰਜ ਕਰਨ ਤੁਰਦੇ ਹੋ, ਤਾਂ ਸਮਾਜ ਸ਼ੁਰੂਆਤ ਵਿੱਚ ਤੁਹਾਡੇ ਯਤਨਾਂ ਨੂੰ ਨਹੀਂ ਸਮਝਦਾ, ਇਹ ਦੁਨੀਆ ਹਮੇਸ਼ਾ ਅੰਤਿਮ ਸਫ਼ਲਤਾ ਅਤੇ ਨਤੀਜਾ ਦੇਖ ਕੇ ਹੀ ਸਤਿਕਾਰ ਦਿੰਦੀ ਹੈ । ਜਦੋਂ ਕੋਈ ਵਿਅਕਤੀ ਦੁਨੀਆਂਦਾਰੀ ਵਾਲੀ ਭੀੜ ਵਿੱਚੋਂ ਹਟ ਕੇ ਕੁਝ ਵੱਖਰਾ ਜਾਂ ਵੱਡਾ ਕਰਨ ਦੀ ਕੋਸ਼ਿਸ਼ ਕਰਦਾ ਹੈ, ਤਾਂ ਸ਼ੁਰੂਆਤ ਵਿੱਚ ਸਮਾਜ ਉਸ ਨੂੰ ਨਹੀਂ ਸਮਝਦਾ । ਲੋਕ ਉਸ ਦੇ ਰਾਹ ਵਿੱਚ ਰੋੜੇ ਅਟਕਾਉਂਦੇ ਹਨ, ਉਸ ਦੀ ਆਲੋਚਨਾ ਕਰਦੇ ਹਨ ਅਤੇ ਉਸ ਨੂੰ ਗ਼ਲਤ ਠਹਿਰਾਉਂਦੇ ਹਨ । ਪਰ ਜਦੋਂ ਉਹੀ ਵਿਅਕਤੀ ਆਪਣੀ ਮਿਹਨਤ ਅਤੇ ਦ੍ਰਿੜ੍ਹਤਾ ਨਾਲ ਸਫ਼ਲ ਹੋ ਜਾਂਦਾ ਹੈ, ਤਾਂ ਉਹੀ ਦੁਨੀਆ ਜੋ ਉਸ ਦੀਆਂ ਗੱਲਾਂ ’ਤੇ ਹੱਸਦੀ ਸੀ, ਉਸ ਦੀ ਉਦਾਹਰਨ (ਮਿਸਾਲ) ਦੇਣ ਲੱਗ ਜਾਂਦੀ ਹੈ । ਸਰਦਾਰ ਹਰੀ ਸਿੰਘ ਨਲੂਆ ਜੀ ਨੇ ਵੀ ਜਦੋਂ ਅਫ਼ਗਾਨਾਂ ਦੇ ਨੱਕ ’ਚ ਦਮ ਕਰ ਕੇ ਖ਼ੈਬਰ ਦੱਰੇ ਤੱਕ ਸਿੱਖ ਰਾਜ ਦੀਆਂ ਸੀਮਾਵਾਂ ਵਧਾਉਣ ਲਈ ਬਾਰ-ਬਾਰ ਚੜ੍ਹਾਈਆਂ ਕੀਤੀਆਂ, ਤਾਂ ਦੁਨੀਆ ਲਗਾਤਾਰ ਉਨ੍ਹਾਂ ਦੇ ਅਥੱਕ ਯਤਨਾਂ ਅਤੇ ਅਟੱਲ ਇਰਾਦੇ ਨੂੰ ਵੇਖਦੀ ਰਹੀ । ਉਨ੍ਹਾਂ ਦੀਆਂ ਲਗਾਤਾਰ ਕੋਸ਼ਿਸ਼ਾਂ ਦੇ ਨਤੀਜੇ ਵਜੋਂ ਹੀ ਅਜਿਹਾ ਅਜਿੱਤ ਇਤਿਹਾਸ ਰਚਿਆ ਗਿਆ ਜਿਸ ਨੂੰ ਅੱਜ ਪੂਰੀ ਦੁਨੀਆ ਸਲਾਮ ਕਰਦੀ ਹੈ । ਇਤਿਹਾਸ ਗਵਾਹ ਹੈ ਕਿ ਚਾਹੇ ਉਹ ਵੈਗਿਆਨਿਕ ਹੋਣ, ਮਹਾਨ ਲੇਖਕ ਹੋਣ ਜਾਂ ਸਮਾਜ ਸੁਧਾਰਕ — ਜਦੋਂ ਉਨ੍ਹਾਂ ਨੇ ਨਵੇਂ ਵਿਚਾਰ ਦਿੱਤੇ ਤਾਂ ਦੁਨੀਆ ਨੇ ਉਨ੍ਹਾਂ ਨੂੰ ਪਾਗਲ ਜਾਂ ਗ਼ਲਤ ਸਮਝਿਆ। ਪਰ ਜਦੋਂ ਉਨ੍ਹਾਂ ਦੀਆਂ ਕੋਸ਼ਿਸ਼ਾਂ ਦੇ ਨਤੀਜੇ ਸਾਹਮਣੇ ਆਏ, ਤਾਂ ਦੁਨੀਆ ਨੇ ਉਨ੍ਹਾਂ ਦੇ ਅੱਗੇ ਸਿਰ ਝੁਕਾਇਆ । ਇਨ੍ਹਾਂ ਸਭ ਉਦਾਹਰਨਾ ਤੇ ਵਿਚਾਰਾਂ ਨੂੰ ਮਿਲਾ ਕੇ ਦੇਖੀਏ ਤਾਂ ਜੀਵਨ ਦਾ ਅਸਲ ਮੰਤਰ ਸਪਸ਼ਟ ਹੁੰਦਾ ਹੈ । ਜੇਕਰ ਤੁਸੀਂ ਜੀਵਨ ਵਿੱਚ ਕੋਈ ਵੱਡਾ ਮੁਕਾਮ ਹਾਸਲ ਕਰਨਾ ਚਾਹੁੰਦੇ ਹੋ, ਤਾਂ ਸਮਾਜ ਤੋਂ ਇਹ ਉਮੀਦ ਰੱਖਣੀ ਛੱਡ ਦਿਓ ਕਿ ਉਹ ਤੁਹਾਡੇ ਹਰ ਸੰਘਰਸ਼ ਜਾਂ ਅਨੋਖੇ ਵਿਚਾਰ ਨੂੰ ਸ਼ੁਰੂ ਵਿੱਚ ਹੀ ਸਮਝਣਗੇ । ਦੁਨੀਆ ਤੁਹਾਡੇ ਪਸੀਨੇ ਜਾਂ ਕੋਸ਼ਿਸ਼ਾਂ ਨੂੰ ਨਹੀਂ, ਸਗੋਂ ਤੁਹਾਡੇ ਨਤੀਜੇ ਨੂੰ ਦੇਖਦੀ ਹੈ । ਇਸ ਲਈ, ਮੁਸ਼ਿਕਲਾਂ ਆਉਣ ’ਤੇ ਝੜਨ ਦੀ ਬਜਾਏ ਅੜਨਾ ਸਿੱਖੋ । ਦੁਨੀਆ ਦੀ ਪਰਵਾਹ ਕੀਤੇ ਬਿਨਾਂ ਆਪਣੇ ਰਾਹ ’ਤੇ ਡਟੇ ਰਹੋ, ਕਿਉਂਕਿ ਜਿਸ ਦਿਨ ਤੁਹਾਡਾ ਨਤੀਜਾ ਸਫ਼ਲਤਾ ਦੇ ਰੂਪ ਵਿੱਚ ਸਾਹਮਣੇ ਆਵੇਗਾ, ਉਹੀ ਲੋਕ ਜੋ ਅੱਜ ਤੁਹਾਨੂੰ ਗ਼ਲਤ ਕਹਿ ਰਹੇ ਹਨ, ਕੱਲ੍ਹ ਤੁਹਾਡੀ ਸਫ਼ਲਤਾ ਦੀਆਂ ਮਿਸਾਲਾਂ ਦੇਣਗੇ ।

**-ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕਾ ਤੋਂ ਵਾਪਸ ਪਰਤੇ ਜਥੇਦਾਰ ਦਾਦੂਵਾਲ ਜੀ ਦਾ

# ਇਲਾਕੇ ਦੀਆਂ ਸੰਗਤਾਂ ਵਲੋਂ ਭਰਵਾਂ ਸਵਾਗਤ

## ਜਥੇਦਾਰ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਨਾਂ ਨੂੰ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿਖੇ 9 ਅਗਸਤ ਨੂੰ 250 ਸਾਲਾ ਵਿਰਾਸਤੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ















ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਮੀਡੀਆ ਨੂੰ ਜਾਣਕਾਰੀ ਦਿੰਦਿਆ ਦੱਸਿਆ ਕੇ ਜਥੇਦਾਰ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਜਿਨਾਂ ਨੂੰ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿਖੇ 9 ਅਗਸਤ ਨੂੰ 250 ਸਾਲਾ ਵਿਰਾਸਤੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਅੱਜ 18 ਅਗਸਤ ਨੂੰ ਅਮਰੀਕਾ ਦੀ ਧਰਤੀ ਤੋਂ ਵਾਪਸ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿਖੇ ਪੁੱਜੇ ਜਿੱਥੇ ਇਲਾਕੇ ਦੀਆਂ ਸਿੱਖ ਸੰਗਤਾਂ ਵੱਲੋਂ ਗੁਰਦੁਆਰਾ ਦਾਦੂ ਸਾਹਿਬ ਵਿਖੇ ਪੁੱਜ ਕੇ ਜਥੇਦਾਰ ਦਾਦੂਵਾਲ ਜੀ ਦਾ ਜੈਕਾਰਿਆਂ ਦੀ ਗੂੰਜ ਵਿੱਚ ਵਿਸ਼ੇਸ਼ ਸਨਮਾਨ ਕੀਤਾ ਗਿਆ ਸਨਮਾਨ ਕਰਨ ਵਾਲਿਆਂ ਵਿੱਚ ਨਗਰ ਨਿਵਾਸੀ ਦਾਦੂ ਸਾਹਿਬ, ਪੱਕਾ ਸ਼ਹੀਦਾਂ,ਸਿੰਘਪੁਰਾ,ਧਰਮਪੁਰਾ,ਜੋਗੇਵਾਲਾ,ਰਾਮਪੁਰਾ ਢਾਣੀ,ਤਖਤਮੱਲ,ਕੇਵਲ,ਦੇਸੂ ਮੁਲਕਾਣਾ, ਕਾਲਾਂਵਾਲੀ ਪਿੰਡ,ਕਾਲਾਂਵਾਲੀ ਮੰਡੀ, ਜਗਮਾਲਵਾਲੀ, ਤਾਰੂਆਣਾ, ਤਿਲੋਕੇਵਾਲਾ, ਜਲਾਲਆਣਾ, ਚਕੇਰੀਆਂ, ਫੱਗੂ, ਐਲਨਾਬਾਦ,ਖੂਈਆਂ ਮਲਕਾਣਾ,ਰੋੜੀ ਦੀ ਸਿੱਖ ਸੰਗਤ ਵਿਸ਼ੇਸ਼ ਤੌਰ ਤੇ ਹਾਜ਼ਰ ਸੀ ਜਿਨਾਂ ਵਿੱਚ ਪਿੰਡਾਂ ਦੇ ਮੌਜੂਦਾ ਪੰਚ ਸਰਪੰਚ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਗੁਰੂ ਘਰਾਂ ਦੇ ਗ੍ਰੰਥੀ ਸਿੰਘ ਸਾਹਿਬਾਨ ਵੀ ਹਾਜ਼ਰ ਸਨ ਪੰਥਕ ਸੇਵਾ ਲਹਿਰ ਦਾਦੂ ਸਾਹਿਬ ਦੇ ਆਗੂ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ,ਬਾਬਾ ਜੀਵਨ ਸਿੰਘ ਚੁਨਾਗਰਾ,ਬਾਬਾ ਗੁਰਜੀਤ ਸਿੰਘ ਗਾਂਧੀ ਕਾਰ ਸੇਵਾ ਕੇਵਲ,ਸਰਦਾਰ ਜਗਤਾਰ ਸਿੰਘ ਮਾਨ ਅੰਤ੍ਰਿੰਗ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਗੁਰਪਾਲ ਸਿੰਘ ਗੋਰਾ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਨਿਰਮਲ ਸਿੰਘ ਮੱਲੜੀ,ਪੱਪੂ ਪ੍ਰਧਾਨ ਬੜਾਗੁੜਾ,ਸਰਪੰਚ ਕੁਲਦੀਪ ਸਿੰਘ ਧਰਮਪੁਰਾ,ਸਰਪੰਚ ਅਜੈਬ ਸਿੰਘ ਕਾਲਾਂਵਾਲੀ ਪਿੰਡ,ਸਰਪੰਚ ਗੁਰਮੀਤ ਸਿੰਘ ਚਕੇਰੀਆਂ,ਦਰਸ਼ਨ ਸਿੰਘ ਤਾਰੂਆਣਾ ਸਾਬਕਾ ਸਰਪੰਚ, ਬੂਟਾ ਸਿੰਘ ਤਿਲੋਕੇਵਾਲਾ ਸਾਬਕਾ ਸਰਪੰਚ,ਦਰਸ਼ਨ ਸਿੰਘ ਦਾਦੂ ਸਾਹਿਬ ਸਾਬਕਾ ਸਰਪੰਚ,ਬਲਜੀਤ ਸਿੰਘ ਫੱਗੂ ਸਾਬਕਾ ਸਰਪੰਚ,ਅਮਰੀਕ ਸਿੰਘ ਐਲਨਾਬਾਦ,ਭਗਤ ਸਿੰਘ ਐਲਨਾਬਾਦ,ਪੰਡਿਤ ਬੱਬੂ ਸ਼ਰਮਾ ਟੱਪੀ,ਰੰਟੀ ਸਿੰਗਲਾ ਕਾਲਾਂਵਾਲੀ,ਗ੍ਰੰਥੀ ਪ੍ਰਤਾਪ ਸਿੰਘ ਕਿੰਗਰਾ,ਗ੍ਰੰਥੀ ਅੰਗਰੇਜ਼ ਸਿੰਘ ਫੱਗੂ,ਗ੍ਰੰਥੀ ਧਰਮਿੰਦਰ ਸਿੰਘ ਮਲਕਾਣਾ,ਗ੍ਰੰਥੀ ਸੁਮਨਪ੍ਰੀਤ ਸਿੰਘ ਭੰਗੂ,ਮਹੰਤ ਸੁਖਪਾਲ ਸਿੰਘ ਤਖਤਮੱਲ ਹਾਜ਼ਰ ਸਨ।

### ਜਹਾਂਗੀਰ ਫੈਕਟਰੀ ਵਿੱਚ ਇਲਾਕੇ ਦੇ ਸਰਪੰਚਾਂ ਅਤੇ

# ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ ਸੈਂਪਲ ਭਰੇ ਗਏ



**ਧੂਰੀ ( ਰਣਜੀਤ ਸਿੰਘ ਪੇਧਨੀ )** -ਪਿਛਲੇ ਕਈ ਦਿਨਾਂ ਤੋਂ ਜਹਾਂਗੀਰ ਵਿਖੇ ਸਥਿਤ ਈਥਾਨੋਲ ਦੀ ਫੈਕਟਰੀ ਕਾਰਨ ਹਵਾ ਅਤੇ ਪਾਣੀ ਦੇ ਪ੍ਰਦੂਸ਼ਿਤ ਹੋਣ ਦੇ ਜਤਾਏ ਜਾ ਰਹੇ ਖਦਸ਼ੇ ਨੂੰ ਲੈ ਕੇ ਇਲਾਕੇ ਦੇ ਲੋਕਾਂ ਵਿੱਚ ਰੋਸ ਦੀ ਲਹਿਰ ਦਿਨੋਂ ਦਿਨ ਵਧਦੀ ਜਾ ਰਹੀ ਸੀ ।ਜਿਸ ਨੂੰ ਲੈ ਕੇ ਇਲਾਕੇ ਦੇ ਸਰਪੰਚਾਂ ਵੱਲੋਂ ਜਿਨਾਂ ਵਿੱਚ ਸਰਪੰਚ ਅੰਮ੍ਰਿਤ ਚਹਿਲ ਘਨੌਰੀ, ਸਰਪੰਚ ਹਰਜੀਤ ਸਿੰਘ ਬੁਗਰਾ, ਸਰਪੰਚ ਮਨਪ੍ਰੀਤ ਸਿੰਘ ਬੁਗਰਾ, ਸਰਪੰਚ ਜਗਤਾਰ ਸਿੰਘ ਬਾਦਸਾਹਪੁਰ, ਸਰਪੰਚ ਅਮਨ ਘਨੌਰ ਖੁਰਦ, ਸਰਪੰਚ ਜਸਵਿੰਦਰ ਸਿੰਘ ਘਨੌਰ ਕਲਾਂ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਜਗਤਾਰ ਸਿੰਘ ਬਮਾਲ ਅਤੇ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਐਕਸਨ, ਐਸਡੀਓ ਸਮੇਤ ਪੂਰੀ ਟੀਮ ਦੇ ਨਾਲ ਫੈਕਟਰੀ ਦਾ ਨਿਰੀਖਣ ਕੀਤਾ ਗਿਆ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਇਕੱਤਰ ਸਰਪੰਚਾਂ ਨੇ ਕਿਹਾ ਹੈ ਕਿ ਕੁਝ ਲੋਕ ਵੋਟਾਂ ਨੇੜੇ ਆਉਂਦੀਆਂ ਦੇਖ ਕੇ ਧੂਰੀ ਹਲਕੇ ਨੂੰ ਸਿਆਸੀ ਅਖਾੜਾ ਬਣਾਉਣਾ ਚਾਹੁੰਦੇ ਹਨ। ਅਸੀਂ ਸਵੇਰ ਤੋਂ ਲੈ ਕੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਫਸਰਾਂ ਦੇ ਨਾਲ ਕੱਲੀ ਕੱਲੀ ਚੀਜ਼ ਚੈੱਕ ਕਰ ਰਹੇ ਹਾਂ। ਜਿਸ ਵਿੱਚ ਕੋਈ ਵੀ ਚੀਜ਼ ਗਲਤ ਨਹੀਂ ਪਾਈ ਗਈ। ਫੈਕਟਰੀ ਵਿੱਚ ਤਿੰਨ ਬੋਰ ਲੱਗੇ ਹੋਏ ਹਨ, ਤਿੰਨਾਂ ਦੇ ਮਹਿਕਮੇ ਵੱਲੋਂ ਸੈਂਪਲ ਭਰੇ ਗਏ ਹਨ, ਸੈਂਪਲ ਦੀ ਰਿਪੋਰਟ ਆਉਣ ਤੇ ਲੋਕਾਂ ਦੇ ਸਾਹਮਣੇ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਕੀਤਾ ਜਾਵੇਗਾ। ਇਕੱਤਰ ਸਰਪੰਚਾਂ ਨੇ ਕਿਹਾ ਕਿ ਜੇਕਰ ਇਸ ਫੈਕਟਰੀ ਦਾ ਇੱਕ ਵੀ ਸੈਂਪਲ ਫੇਲ ਹੋਇਆ ਤਾਂ ਅਸੀਂ ਆਪ ਅੱਗੇ ਹੋ ਕੇ ਧਰਨੇ ਤੇ ਬੈਠ ਕੇ ਫੈਕਟਰੀ ਨੂੰ ਬੰਦ ਕਰਾਉਣ ਵਿੱਚ ਅਹਿਮ ਰੋਲ ਅਦਾ ਕਰਾਂਗੇ ।ਪਰ ਕੋਈ ਵੀ ਬਾਹਰੋਂ ਵਿਅਕਤੀ ਆ ਕੇ ਇੱਥੇ ਸਾਡੇ ਇਲਾਕੇ ਦਾ ਮਾਹੌਲ ਖਰਾਬ ਨਾ ਕਰਨ ਅਸੀਂ ਅਮਨ ਸ਼ਾਂਤੀ ਪਸੰਦ ਵਿਅਕਤੀ ਹਾਂ ਸਾਡੀ ਭਾਈਚਾਰਕ ਸਾਂਝ ਇਸੇ ਤਰ੍ਹਾਂ ਹੀ ਬਣੀ,ਇਸ ਮੌਕੇ ਪ੍ਰਦਰਸ਼ਨ ਕੰਟਰੋਲ ਬੋਰਡ ਦੇ ਐਕਸ਼ਨ ਨੇ ਕਿਹਾ ਕਿ ਫੈਕਟਰੀ ਦੇ ਦੋ ਪਾਣੀ ਦੇ ਤੇ ਇੱਕ ਹਵਾ ਦਾ ਸੈਂਪਲ ਲਿਆ ਗਿਆ ਹੈ। ਜਿਸ ਦੀ ਰਿਪੋਰਟ ਇੱਕ ਮਹੀਨੇ ਬਾਅਦ ਆਵੇਗੀ ਰਿਪੋਰਟ ਆਉਣ ਤੇ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਲੋਕਾਂ ਦੇ ਸਾਹਮਣੇ ਲਿਆਂਦਾ ਜਾਵੇਗਾ। ਇਸ ਫੈਕਟਰੀ ਦੀ ਹਰ ਤਿੰਨ ਮਹੀਨੇ ਬਾਅਦ ਪਾਣੀ, ਹਵਾ ਦੀ ਸਪੈਸ਼ਲ ਜਾਂਚ ਹੁੰਦੀ ਹੈ।

### ਸੀਗੋ ਵਿਖੇ ਨਰਮੇ ਦੀ ਫਸਲ ਦੀ ਸੁਚੱਜੀ ਕਾਸ਼ਤ ਸਬੰਧੀ

# ਕਿਸਾਨ ਸਿਖਲਾਈ ਟ੍ਰੇਨਿੰਗ ਕਰਵਾਈ




ਤਲਵੰਡੀ ਸਾਬੋ, 18 ਅਗਸਤ (ਗੁਰਜੰਟ ਸਿੰਘ ਨਥੇਹਾ)- ਤਲਵੰਡੀ ਸਾਬੋ ਦੇ ਪਿੰਡ ਸੀਗੋ ਵਿਖੇ ਮਿਸ਼ਨ ਫਾਰ ਕਾਟਨ ਪ੍ਰੋਡਕਟੀਵਿਟੀ ਤਹਿਤ ਕਿਸਾਨ ਸਿਖਲਾਈ ਟ੍ਰੇਨਿੰਗ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਕਿਸਾਨਾਂ ਨੂੰ ਨਰਮੇ ਦੀ ਫਸਲ ਦੀ ਸੁਚੱਜੀ ਅਤੇ ਵਿਗਿਆਨਕ ਕਾਸ਼ਤ, ਉਤਪਾਦਕਤਾ ਵਿੱਚ ਵਾਧਾ, ਗੁਣਵੱਤਾ ਵਿੱਚ ਸੁਧਾਰ ਅਤੇ ਕੀਟਾਂ ਤੇ ਬਿਮਾਰੀਆਂ ਦੀ ਪ੍ਰਭਾਵਸ਼ਾਲੀ ਰੋਕਥਾਮ ਸਬੰਧੀ ਵਿਸਥਾਰਪੂਰਵਕ ਤਕਨੀਕੀ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸੰਬੋਧਨ ਕਰਦਿਆਂ ਡਾ. ਸੰਦੀਪ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਨੇ ਕਿਸਾਨਾਂ ਨੂੰ ਨਰਮੇ ਦੀ ਫਸਲ ਵਿੱਚ ਸੰਤੁਲਿਤ ਖਾਦ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਨੇ ਨਾਈਟ੍ਰੋਜਨ ਦੀ ਸਿਫ਼ਾਰਸ਼ ਅਨੁਸਾਰ ਵਰਤੋਂ, ਲੋੜ ਮੁਤਾਬਕ ਪੋਟਾਸ਼ ਅਤੇ ਸੂਖਮ ਤੱਤਾਂ ਦੀ ਪੂਰਤੀ ਅਤੇ ਮਿੱਟੀ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਖਾਦਾਂ ਦੀ ਵਰਤੋਂ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਸਾਨਾਂ ਨੂੰ ਨਰਮੇ ਦੀ ਫਸਲ ਵਿੱਚ ਇੰਟੀਗ੍ਰੇਟਿਡ ਪੈਸਟ ਮੈਨੇਜਮੈਂਟ ਅਪਣਾਉਣ ਲਈ ਪ੍ਰੇਰਿਤ ਕਰਦਿਆਂ ਖੇਤਾਂ ਦੀ ਨਿਯਮਤ ਨਿਗਰਾਨੀ, ਕੀਟਾਂ ਦੀ ਸਹੀ ਪਛਾਣ ਅਤੇ ਆਰਥਿਕ ਨੁਕਸਾਨ ਪੱਧਰ ਦੇ ਆਧਾਰ ’ਤੇ ਹੀ ਕੀਟਨਾਸ਼ਕਾਂ ਦੀ ਵਰਤੋਂ ਕਰਨ ’ਤੇ ਜ਼ੋਰ ਦਿੱਤਾ। ਉਨ੍ਹਾਂ ਬੇਲੋੜੇ ਸਪਰੇਅ ਤੋਂ ਬਚਣ ਦੀ ਸਲਾਹ ਦਿੰਦਿਆਂ ਖਾਸ ਤੌਰ ’ਤੇ ਚਿੱਟੀ ਮੱਖੀ, ਹਰਾ ਤੇਲਾ, ਜੂੰ, ਅਮਰੀਕਨ ਸੁੰਡੀ ਅਤੇ ਗੁਲਾਬੀ ਸੁੰਡੀ ਦੀ ਨਿਗਰਾਨੀ ਅਤੇ ਉਚਿਤ ਪ੍ਰਬੰਧਨ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਗੁਰਕੰਵਲ ਸਿੰਘ, ਖੇਤੀਬਾੜੀ ਵਿਕਾਸ ਅਫ਼ਸਰ ਵੱਲੋਂ ਕਿਸਾਨਾਂ ਨੂੰ ਨਰਮੇ ਦੀ ਫਸਲ ਵਿੱਚ ਨਦੀਨਾਂ ਦੀ ਪ੍ਰਭਾਵਸ਼ਾਲੀ ਰੋਕਥਾਮ, ਖੇਤ ਦੀ ਸਾਫ਼-ਸਫ਼ਾਈ, ਪਾਣੀ ਦੀ ਸੁਚੱਜੀ ਅਤੇ ਕੁਸ਼ਲ ਵਰਤੋਂ ਅਤੇ ਫਸਲ ਦੀ ਨਿਯਮਤ ਨਿਗਰਾਨੀ ਸਬੰਧੀ ਤਕਨੀਕੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਕਿਸੇ ਵੀ ਕੀਟ ਜਾਂ ਬਿਮਾਰੀ ਦੇ ਲੱਛਣ ਦਿਖਾਈ ਦੇਣ ’ਤੇ ਆਪਣੇ ਪੱਧਰ ’ਤੇ ਬੇਲੋੜੇ ਕੀਟਨਾਸ਼ਕਾਂ ਦੇ ਮਿਸ਼ਰਣ ਕਰਨ ਦੀ ਬਜਾਏ ਖੇਤੀਬਾੜੀ ਵਿਭਾਗ ਦੇ ਮਾਹਿਰਾਂ ਨਾਲ ਸੰਪਰਕ ਕਰਕੇ ਸਿਫ਼ਾਰਸ਼ ਅਨੁਸਾਰ ਹੀ ਪ੍ਰਬੰਧਨ ਕੀਤਾ ਜਾਵੇ। ਉਨ੍ਹਾਂ ਨਰਮੇ ਦੇ ਖੇਤਾਂ ਵਿੱਚ ਪੌਦਿਆਂ ਦੀ ਸਹੀ ਗਿਣਤੀ, ਨਿਰੰਤਰ ਨਿਗਰਾਨੀ, ਪਾਣੀ ਦੀ ਕੁਸ਼ਲ ਵਰਤੋਂ ਅਤੇ ਫਸਲ ਦੀ ਗੁਣਵੱਤਾ ਬਣਾਈ ਰੱਖਣ ਸਬੰਧੀ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ। ਇਸ ਦੌਰਾਨ ਕਿਸਾਨਾਂ ਨੂੰ ਮਿਸ਼ਨ ਤਹਿਤ ਉਪਲਬਧ ਆਧੁਨਿਕ ਤਕਨੀਕਾਂ ਨੂੰ ਅਪਣਾਉਣ ਅਤੇ ਖੇਤੀਬਾੜੀ ਵਿਭਾਗ ਦੀਆਂ ਸਿਫ਼ਾਰਸ਼ਾਂ ਅਨੁਸਾਰ ਨਰਮੇ ਦੀ ਕਾਸ਼ਤ ਕਰਨ ਲਈ ਪ੍ਰੇਰਿਤ ਕੀਤਾ ਗਿਆ। ਟ੍ਰੇਨਿੰਗ ਦੌਰਾਨ ਕਿਸਾਨਾਂ ਵੱਲੋਂ ਨਰਮੇ ਦੀ ਫਸਲ ਨਾਲ ਸਬੰਧਤ ਵੱਖ-ਵੱਖ ਸਵਾਲ ਪੁੱਛੇ ਗਏ, ਜਿਨ੍ਹਾਂ ਦੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਤਸੱਲੀਬਖ਼ਸ਼ ਅਤੇ ਤਕਨੀਕੀ ਜਵਾਬ ਦਿੱਤੇ ਗਏ। ਇਸ ਟ੍ਰੇਨਿੰਗ ਨੂੰ ਸਫ਼ਲਤਾਪੂਰਵਕ ਸੰਪੂਰਨ ਕਰਨ ਵਿੱਚ ਸ਼੍ਰੀ ਜਸਪ੍ਰੀਤ ਸਿੰਘ ਬੇਲਦਾਰ ਨੇ ਵੀ ਆਪਣਾ ਬਣਦਾ ਯੋਗਦਾਨ ਪਾਇਆ। ਇਸ ਕਿਸਾਨ ਸਿਖਲਾਈ ਟ੍ਰੇਨਿੰਗ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਨਰਮੇ ਦੀ ਫਸਲ ਦੀ ਆਧੁਨਿਕ ਅਤੇ ਵਿਗਿਆਨਕ ਕਾਸ਼ਤ ਨਾਲ ਜੋੜਦਿਆਂ ਪ੍ਰਤੀ ਏਕੜ ਉਤਪਾਦਕਤਾ ਅਤੇ ਗੁਣਵੱਤਾ ਵਿੱਚ ਵਾਧਾ ਕਰਨਾ, ਖੇਤੀ ਲਾਗਤ ਨੂੰ ਤਰਕਸੰਗਤ ਬਣਾਉਣਾ ਅਤੇ ਟਿਕਾਊ ਨਰਮਾ ਉਤਪਾਦਨ ਨੂੰ ਉਤਸ਼ਾਹਿਤ ਕਰਨਾ ਰਿਹਾ।

# ਡਰੋਨਾਂ ਰਾਹੀਂ ਅੱਥਰੂ ਗੈਸ ਛੱਡਕੇ ਆਪਣੇ ਹੀ ਨਾਗਰਿਕਾਂ ਨੂੰ ਜ਼ਖਮੀ ਕਰਨਾ ਜੰਗ ਵਾਲੀ ਸ਼ਰਮਨਾਕ ਕਾਰਵਾਈ : ਮਾਨ



ਨਵੀਂ ਦਿੱਲੀ, 18 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ 15 ਅਗਸਤ ਨੂੰ ਇਨਸਾਫ਼ ਮੋਰਚੇ ਅਤੇ ਪੰਥਕ ਜਥੇਬੰਦੀਆਂ ਵੱਲੋਂ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੇ ਜਾ ਰਹੇ ਅਮਨਮਈ ਰੋਸ ਮਾਰਚ ਦੌਰਾਨ ਡਰੋਨਾਂ ਰਾਹੀਂ ਅੱਥਰੂ ਗੈਸ ਦੇ ਗੋਲੇ ਸੁੱਟਣ ਅਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਸਖ਼ਤ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਆਪਣੇ ਹੀ ਨਾਗਰਿਕਾਂ ਵਿਰੁੱਧ ਡਰੋਨਾਂ ਦੀ ਵਰਤੋਂ ਕਰਨਾ ਅਜਿਹਾ ਸ਼ਰਮਨਾਕ ਅਮਲ ਹੈ, ਜਿਵੇਂ ਜੰਗ ਦੌਰਾਨ ਹਮਲੇ ਕੀਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਜਾਣ ਵਾਲੇ ਰਸਤਿਆਂ ਨੂੰ ਟਿੱਪਰਾਂ ਅਤੇ ਬੈਰੀਕੇਡਾਂ ਨਾਲ ਬੰਦ ਕਰਕੇ ਪੰਥਕ ਜਥੇਬੰਦੀਆਂ ਨੂੰ ਪੰਜਾਬ ਦੇ ਗਵਰਨਰ ਨੂੰ ਯਾਦ ਪੱਤਰ ਦੇਣ ਤੋਂ ਰੋਕਣਾ ਸੰਵਿਧਾਨ ਦੀਆਂ ਧਾਰਾਵਾਂ 14, 19 ਅਤੇ 21 ਦੀ ਉਲੰਘਣਾ ਹੈ। ਸ. ਮਾਨ ਨੇ ਕਿਹਾ ਕਿ ਜੇਕਰ ਸਰਕਾਰ ਅਤੇ ਪੁਲਿਸ ਖੁਦ ਹੀ ਅਮਨਮਈ ਢੰਗ ਨਾਲ ਆਪਣੇ ਹੱਕਾਂ ਲਈ ਆਵਾਜ਼ ਉਠਾਉਣ ਵਾਲੇ ਨਾਗਰਿਕਾਂ ਉਤੇ ਜ਼ਬਰ ਕਰਨ ਲੱਗ ਪਏ ਤਾਂ ਭਵਿੱਖ ਵਿੱਚ ਗੈਰ-ਕਾਨੂੰਨੀ ਤੱਤਾਂ ’ਤੇ ਕਾਨੂੰਨ ਦਾ ਡਰ ਕਾਇਮ ਰੱਖਣਾ ਵੀ ਮੁਸ਼ਕਿਲ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬੀਆਂ ਅਤੇ ਸਿੱਖਾਂ ਨੂੰ ਆਪਣੇ ਜਮਹੂਰੀ ਹੱਕਾਂ ਦੀ ਵਰਤੋਂ ਕਰਨ ਤੋਂ ਰੋਕਣ ਦੀ ਬਜਾਏ ਸਰਕਾਰ ਨੂੰ ਬੰਦੀ ਸਿੰਘਾਂ ਦੇ ਮਾਮਲੇ ਵਿੱਚ ਨਿਆਂਸੰਗਤ ਫ਼ੈਸਲਾ ਲੈ ਕੇ ਪੰਜਾਬ ਦੇ ਮਾਹੌਲ ਨੂੰ ਸ਼ਾਂਤ ਕਰਨਾ ਚਾਹੀਦਾ ਹੈ। ਸ. ਮਾਨ ਨੇ ਮੋਰਚੇ ਦੇ ਆਗੂਆਂ ਅਤੇ ਪੰਥਕ ਜਥੇਬੰਦੀਆਂ ਦੇ ਆਗੂਆਂ ਖ਼ਿਲਾਫ਼ ਭੰਨ-ਤੋੜ, ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਅਤੇ ਸਰਕਾਰੀ ਹੁਕਮਾਂ ਦੀ ਉਲੰਘਣਾ ਦੇ ਦਰਜ ਕੀਤੇ ਕੇਸ ਤੁਰੰਤ ਰੱਦ ਕਰਨ ਅਤੇ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) 21 ਅਗਸਤ ਦੇ ਪੰਜਾਬ ਬੰਦ ਦੀ ਪੂਰਨ ਹਮਾਇਤ ਕਰਦਾ ਹੈ ਅਤੇ ਸਮੁੱਚੇ ਪੰਜਾਬੀਆਂ ਤੇ ਸਿੱਖ ਕੌਮ ਨੂੰ ਬੰਦੀ ਸਿੰਘਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਿਆਂ ਬੰਦ ਨੂੰ ਕਾਮਯਾਬ ਕਰਨ ਦੀ ਅਪੀਲ ਕਰਦਾ ਹੈ।

# ਗੁਰਦੁਆਰਾ ਸਾਹਿਬ ਵਿਖੇ ਇੱਕ ਔਰਤ ਨੂੰ ਮਾੜੀ ਸ਼ਬਦਾਵਲੀ ਬੋਲਣ ਤੇ ਸਖਤ ਨਿੰਦਾ ਕੀਤੀ ਜਾਂਦੀ-ਸੰਤ ਬਾਬਾ ਬਿਬੇਕ ਸਿੰਘ



**ਜੰਡਿਆਲਾ ਗੁਰੂ ਚੌਕ ਮਹਿਤਾ,18 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਤੋਂ ਸਰਗਰਮ ਆਗੂ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਿਬੇਕ ਸਿੰਘ ਨੇ ਗੱਲਬਾਤ ਦੌਰਾਨ ਕਿਹਾ ਕਿ ਬੀਤੇ ਦਿਨ ਸੋਸ਼ਲ ਮੀਡੀਆ ਤੇ ਵਾਇਰਲ ਹੋਈ ਇਕ ਵੀਡੀਓ ਕਲਿਪ ਨੇ ਅਨੇਕਾਂ ਸਵਾਲੀਆ ਚਿੰਨ੍ਹ ਪੈਦਾ ਕੀਤੇ ਹਨ ਕਿ ਕੀ ਅੱਜ ਕੱਲ੍ਹ ਦੇ ਸਮੇਂ ਦੌਰਾਨ ਕੁਝ ਲੋਕ ਗੁਰਦੁਆਰਾ ਸਾਹਿਬ ਵਿਖੇ ਆਪਣੀ ਅਤੇ ਆਪਣੇ ਪਰਿਵਾਰ ਦੀ ਖੁਸ਼ੀ ਲਈ ਜਾਂਦੇ ਹਨ ਜਾਂ ਫਿਰ ਆਪਣੀ ਆਕੜ ਦਿਖਾਉਣ ਜਾਂਦੇ ਹਨ ।ਸੰਤ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਦਿੱਲੀ ਵਿਖੇ ਸਥਿਤ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੇਵਾਦਾਰਾਂ ਵੱਲੋਂ ਆਪਣੀ ਸੇਵਾ ਡਿਊਟੀ ਨਿਭਾਈ ਜਾ ਰਹੀ ਸੀ ਕਿ ਉੱਥੇ ਦਰਸ਼ਨਾਂ ਨੂੰ ਆਈ ਇਕ ਔਰਤ ਵਲੋਂ ਉਨਾਂ ਵਡੇਰੀ ਉਮਰ ਦੇ ਸੇਵਾਦਾਰਾਂ ਨੂੰ ਬੁਰਾ ਭਲਾ ਬੋਲਕੇ ਵੀਡੀਓ ਬਣਾਈ ਗਈ ਅਤੇ ਉਨਾਂ ਸੇਵਾਦਾਰਾਂ ਦੀ ਬੇਇੱਜਤੀ ਕਰਨ ਤੋਂ ਬਾਅਦ ਵੀਡੀਓ ਬਣਾਕੇ ਸੋਸ਼ਲ ਮੀਡੀਆ ਤੇ ਵਾਇਰਲ ਕਰ ਦਿੱਤੀ ਗਈ। ਉਸ ਵੀਡੀਓ ਵਿੱਚ ਸੇਵਾਦਾਰਾਂ ਵੱਲੋਂ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਆਏ ਅਵਾਰਾ ਕੁੱਤੇ ਨੂੰ ਡਰਾਕੇ ਜਾਂ ਧਮਕਾਕੇ ਉੱਥੋਂ ਭਜਾਇਆ ਜਾ ਰਿਹਾ ਹੈ ਕਿ ਉਸੇ ਸਮੇਂ ਨੂੰ ਉੱਥੇ ਦਰਸ਼ਨਾਂ ਨੂੰ ਆਈ ਕੁੱਤਿਆਂ ਦੀ ਪ੍ਰੇਮੀ ਇਕ ਔਰਤ ਵਲੋਂ ਉਸ ਕੁੱਤੇ ਨੂੰ ਲੈਕੇ ਬੋਲਦੀ ਹੋਈ ਨੇ ਕਿਹਾ ਕਿ ਜੇਕਰ ਗੁਰਦੁਆਰਾ ਸਾਹਿਬ ਵਿੱਚੋਂ ਕੁਤੇ ਗੁੰਮ ਹੁੰਦੇ ਹਨ ਤਾਂ ਉਸ ਦੇ ਜਿੰਮੇਵਾਰ ਇਹ ਸੇਵਾਦਾਰ ਹੋਣਗੇ ! ਇਸ ਘਟਨਾਕ੍ਰਮ ਵਿੱਚ ਔਰਤ ਵਲੋਂ ਬੋਲੀ ਗਈ ਭੈੜੀ ਸਬਦਾਵਲੀ ਦੀ ਸੰਤ ਬਾਬਾ ਬਿਬੇਕ ਸਿੰਘ ਜੰਡਿਆਲਾ ਗੁਰੂ ਅਤੇ ਸਿੱਖ ਸੰਗਤ ਬਿਹਾਰ ਮਰਾੜਵਾ ਸੰਗਤਾਂ ਨੇ ਸਖਤ ਸਬਦਾਂ ਵਿਚ ਨਿਖੇਧੀ ਕੀਤੀ ਜਾਂਦੀ ਹੈ ਅਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਔਰਤ ਤੇ ਸਖਤ ਤੋਂ ਸਖਤ ਬਣਦੀ ਕਾਨੂੰਨੀ ਕਾਰਵਾਈ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਫਿਰ ਕੋਈ ਵੀ ਇਸ ਤਰ੍ਹਾਂ ਦਾ ਕੁੱਤਿਆਂ ਦਾ ਪ੍ਰੇਮੀ ਗੁਰਦੁਆਰਾ ਸਾਹਿਬਾਨਾਂ ਵਿੱਚ ਦਾਖਲ ਹੋਕੇ ਸੇਵਾਦਾਰਾਂ ਨੂੰ ਨਜਾਇਜ਼ ਤੰਗ ਪ੍ਰੇਸ਼ਾਨ ਨਾ ਕਰੇ ! ਇਸ ਮੌਕੇ ਸ੍ਰ ਪ੍ਰੇਮ ਸਿੰਘ, ਸਾਵਣ ਸਿੰਘ, ਜਗਜੀਤ ਸਿੰਘ, ਅੰਮ੍ਰਿਤਪਾਲ ਸਿੰਘ , ਹਰਬੰਸ ਸਿੰਘ, ਪਰਮਜੀਤ ਸਿੰਘ ਕੁਆਰੀ, ਅੰਮ੍ਰਿਤਪਾਲ ਸਿੰਘ ਸੁੰਮਨ, ਰਾਜਕੁਮਾਰ ਯਾਦਵ, ਰਵਿੰਦਰ ਸਿੰਘ, ਪਯੂਸ ਕੁਮਾਰ, ਪਰਭਕੀਰਤ ਸਿੰਘ, ਸ੍ਰ ਸਵਰਨ ਸਿੰਘ ਆਦਿ ਹਾਜ਼ਰ ਸਨ।




## ਜਨਮ ਦਿਨ ਮੁਬਾਰਕ

ਜਨਮ ਦਿਨ ਮੁਬਾਰਕ
ਨਾਮ ਰਹਿਮਤ ਕੌਰ ਚੰਦੀ
ਪਿਤਾ ਗੁਰਪ੍ਰੀਤ ਸਿੰਘ ਚੰਦੀ

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਫਿਰੋਜ਼ਪੁਰ ਵਿੱਚ ਸੀਵਰ ਦਾ ਪਾਣੀ ਕਿਤੇ ਬਿਮਾਰੀਆਂ ਦਾ ਘਰ ਨਾ ਬਣ ਜਾਵੇ—ਪੀ.ਸੀ ਸ਼ਰਮਾ



ਫ਼ਿਰੋਜ਼ਪੁਰ, 18 ਅਗਸਤ (ਮਨੋਹਰ ਲਾਲ) :— ਬਜ਼ੁਰਗਾਂ ਲਈ ਫਿਰੋਜ਼ਪੁਰ ਵਿੱਚ ਸੀਵਰੇਜ ਦਾ ਸੜਕਾਂ ਤੇ ਗੰਦੇ ਪਾਣੀ ਦਾ ਹੋਣਾ, ਥਾਂ—ਥਾਂ ਤੇ ਗੰਦਗੀ ਦੇ ਢੇਰਾਂ, ਪਾਰਕਾਂ ਦਾ ਬੁਰਾ ਹਾਲ, ਸੀਵਰੇਜ ਦਾ ਗੰਦਾ ਪਾਣੀ ਤੇ ਟੁੱਟੀਆਂ ਫੁੱਟੀਆਂ ਸੜਕਾਂ ਫਿਰੋਜ਼ਪੁਰ ਵਿੱਚ ਬਜ਼ੁਰਗਾਂ ਅਤੇ ਬੱਚਿਆਂ ਲਈ ਇੱਕ ਸ਼ਰਾਪ ਬਣਦਾ ਜਾ ਰਿਹਾ ਹੈ। ਇਹ ਵਿਚਾਰ ਸਾਂਝੇ ਕਰਦਿਆਂ ਸੀਨੀਅਰ ਸਿਟੀਜਨ ਕੌਂਸਲ ਦੇ ਪ੍ਰਧਾਨ ਸ੍ਰੀ ਪੀ.ਡੀ ਸ਼ਰਮਾ ਨੇ ਸਾਂਝੇ ਕਰਦਿਆਂ ਕਿਹਾ ਕਿ ਇਹ ਸਮੱਸਿਆਵਾਂ ਫਿਰੋਜ਼ਪੁਰ ਦਾ ਖਹਿੜਾ ਛੱਡਣ ਨੂੰ ਤਿਆਰ ਹੀ ਨਹੀਂ ਹਨ।ਉਨ੍ਹਾਂ ਕਿਹਾ ਕਿ ਇਹ ਸੀਵਰੇਜ ਦਾ ਪਾਣੀ ਇਲਾਕੇ ਦੇ ਬੱਚਿਆਂ ਤੇ ਬਜ਼ੁਰਗਾਂ ਲਈ ਬਿਮਾਰੀ ਨੂੰ ਸੱਦਾ ਦੇਣ ਦਾ ਕੰਮ ਕਰ ਰਿਹਾ ਹੈ, ਸਰਕਾਰ ਪ੍ਰਸ਼ਾਸਨ ਤੇ ਵਿਧਾਇਕਾਂ ਦਾ ਇਨ੍ਹਾਂ ਸਮੱਸਿਆਵਾਂ ਨੂੰ ਖਤਮ ਕਰਨ ਵਿਚ ਸ਼ਾਇਦ ਕੋਈ ਧਿਆਨ ਨਹੀਂ ਜਾਪਦਾ। ਉਨ੍ਹਾਂ ਕਿਹਾ ਕਿ ਭਾਵੇਂ ਫਿਰੋਜ਼ਪੁਰ ਵਿੱਚ ਬਾਰਿਸ਼ਾਂ ਚੱਜ ਨਾਲ ਸ਼ੁਰੂ ਨਹੀਂ ਹੋਈਆਂ ਫਿਰ ਵੀ ਸੀਵਰੇਜ ਦਾ ਪਾਣੀ ਕਈ ਸੜਕਾਂ ਤੇ ਤੁਰਿਆ ਫਿਰਦਾ ਹੈ, ਜਿਵੇਂ ਕਿ ਵਿਕਾਸ ਵਿਹਾਰ ਤੁਸੀਂ ਖੁਦ ਹੀ ਦੇਖ ਸਕਦੇ ਹੋ।

ਗੱਲਬਾਤ ਕਰਦਿਆਂ ਪੀ.ਡੀ ਸ਼ਰਮਾ ਨੇ ਕਿਹਾ ਕਿ ਆਮ ਤੌਰ ਤੇ ਵੇਖਿਆ ਗਿਆ ਹੈ ਕਿ ਫਿਰੋਜ਼ਪੁਰ ਵਿੱਚ ਬਾਰਿਸ਼ ਦਾ ਮੌਸਮ ਅਖੀਰ ਤੇ ਹੀ ਆਉਂਦਾ ਹੈ। ਜੇਕਰ ਬਾਰਿਸ਼ ਤੋਂ ਪਹਿਲਾਂ ਹੀ ਸੀਵਰੇਜ ਦਾ ਪਾਣੀ ਸੜਕਾਂ ਤੇ ਤੁਰਿਆ ਫਿਰਦਾ ਹੈ ਤਾਂ ਕੀ ਬਣੇਗਾ ਜਦੋਂ ਬਾਰਿਸ਼ ਦਾ ਜ਼ੋਰ ਫਿਰੋਜ਼ਪੁਰ ਤੇ ਪਵੇਗਾ। ਇਸ ਸੀਵਰੇਜ ਦੇ ਗੰਦੇ ਪਾਣੀ ਨਾਲ ਫਿਰੋਜ਼ਪੁਰ ਵਿਚ ਬਜ਼ੁਰਗਾਂ ਅਤੇ ਬੱਚਿਆਂ ਲਈ ਬਿਮਾਰੀ ਦਾ ਸਦਾ ਹੀ ਸਮਝਿਆ ਜਾ ਸਕਦਾ ਹੈ, ਪਤਾ ਨਹੀਂ ਸਾਡੀ ਪੰਜਾਬ ਸਰਕਾਰ, ਫਿਰੋਜਪੁਰ ਪ੍ਰਸ਼ਾਸਨ ਅਤੇ ਮਾਨਯੋਗ ਵਿਧਾਇਕ ਇਹ ਸਮੱਸਿਆ ਵੱਲ ਪੂਰਾ ਧਿਆਨ ਨਹੀਂ ਦੇ ਰਹੇ ਜਾਂ ਫਿਰ ਜਿਵੇਂ ਸਰਕਾਰ ਦੇ ਬਿਆਨ ਆਉਂਦੇ ਹਨ ਕਿ ਸਰਕਾਰ ਕੋਲ ਫੰਡ ਨਹੀਂ ਹਨ ਇਸ ਵਿੱਚੋਂ ਕੋਈ ਵੀ ਕਾਰਨ ਹੋਵੇ ਫਿਰੋਜਪੁਰ ਦੀ ਜਨਤਾ ਤਾਂ ਇਸ ਦਾ ਹੱਲ ਚਾਹੁੰਦੀ ਹੈ। ਸੀਨੀਅਰ ਸਿਟੀਜਨ ਕੌਂਸਲ ਦੀ ਅੱਜ ਇੱਕ ਵਿਸ਼ੇਸ਼ ਮੀਟਿੰਗ ਸ੍ਰੀ ਪੀ.ਡੀ ਸ਼ਰਮਾ ਦੀ ਪ੍ਰਧਾਨਗੀ ਹੇਠ ਸ੍ਰੀ ਵਿਨੋਦ ਕੁਮਾਰ ਦੇ ਘਰ ਵਿਖੇ ਹੋਈ ਜਿਸ ਵਿੱਚ ਇਨ੍ਹਾਂ ਸਮੱਸਿਆਵਾਂ ਤੇ ਵਿਚਾਰ ਵਟਾਂਦਰਾ ਕੀਤਾ ਗਿਆ। ਭਾਵੇਂ ਸੜਕਾਂ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਪਰ ਫਿਰ ਵੀ ਫਿਰੋਜਪੁਰ ਦੀਆਂ ਬਹੁਤ ਸਾਰੀਆਂ ਸੜਕਾਂ ਅਜੇ ਵੀ ਟੁੱਟੀਆਂ ਫੁੱਟੀਆਂ ਹੋਈਆਂ ਹਨ ਤੇ ਬਜ਼ੁਰਗਾਂ ਦੇ ਬੱਚਿਆਂ ਲਈ ਇਹ ਬੜੀਆਂ ਘਾਤਕ ਹੋ ਸਕਦੀਆਂ ਹਨ ਸੀਵਰ ਦਾ ਪਾਣੀ ਜਿਵੇਂ ਗਲੀਆਂ ਵਿੱਚ ਫਿਰਦਾ ਹੈ ਜਾਂ ਸੀਵਰ ਓਵਰ ਫਲੋ ਕਰਦਾ ਹੈ ਤਾਂ ਉਸ ਨਾਲ ਬੱਚਿਆਂ ਤੇ ਬਜ਼ੁਰਗਾਂ ਦੇ ਬਿਮਾਰ ਹੋਣ ਦਾ ਖਦਸ਼ਾ ਬਣਾਇਆ ਰਹਿੰਦਾ ਹੈ। ਸਰਕਾਰ ਨੂੰ ਚਾਹੀਦਾ ਹੈ ਕਿ ਸੀਵਰੇਜ ਦੀ ਨਿਕਾਸੀ ਵੱਲ ਵਿਸ਼ੇਸ਼ ਧਿਆਨ ਦਿੰਦੇ ਹੋਏ ਇਨ੍ਹਾਂ ਨੂੰ ਪਹਿਲ ਦੇ ਅਧਾਰ ਤੇ ਇਸ ਸਮੱਸਿਆ ਦਾ ਸਮਾਧਾਨ ਕਰਨ, ਪਾਣੀ ਦੀ ਡਿਸਪੋਜਲ ਦਾ ਪ੍ਰਬੰਧ ਜਲਦੀ ਕੀਤਾ ਜਾਵੇ ਅਤੇ ਜੋ ਮੋਟਰਾਂ ਖਰਾਬ ਹਨ ਤਾਂ ਉਨ੍ਹਾਂ ਨੂੰ ਤੁਰੰਤ ਬਦਲ ਕੇ ਨਵੀਆਂ ਮੋਟਰਾਂ ਲਾਈਆਂ ਜਾਣ।

ਆਗੂਆਂ ਨੇ ਕਿਹਾ ਕਿ ਪੰਜਾਬ ਵਿੱਚ ਸਮੱਸਿਆਵਾਂ ਆਪਦਾ ਵਿਰਾਟ ਰੂਪ ਲਈ ਬੈਠੀਆਂ ਹਨ, ਰੋਜ ਵੇਖਣ ਵਿੱਚ ਆਉਂਦਾ ਹੈ ਕਿ ਹਰ ਪਾਸੇ ਧਰਨੇ ਤੇ ਮੁਜਾਹਰੇ ਆਮ ਜਿਹੀ ਗੱਲ ਬਣਦੀ ਜਾ ਰਹੀ ਕਾਰਨ ਸ਼ਾਇਦ ਇੱਕੋ ਹੀ ਹੈ ਕਿ ਸਰਕਾਰ ਦੇ ਕਹਿਣ ਅਨੁਸਾਰ ਉਸਕੋ ਫੰਡ ਨਹੀਂ ਹਨ। ਮੁਲਾਜ਼ਮਾਂ ਦੇ ਡੀ.ਏ ਦਾ ਮਾਨਯੋਗ ਅਦਾਲਤ ਵੱਲੋਂ ਫੈਸਲਾ ਹੋ ਜਾਣ ਦੇ ਬਾਵਜੂਦ ਵੀ ਮਾਣਯੋਗ ਅਦਾਲਤ ਦਾ ਫੈਸਲਾ ਲਾਗੂ ਨਹੀਂ ਹੋ ਰਿਹਾ ਇਸੇ ਤਰਾਂ ਹੀ ਕਲੋਨੀਆਂ ਵਿੱਚ ਸੜਕਾਂ ਤਾਂ ਟੁੱਟ ਕੇ ਖੱਡੇ ਬਣ ਚੁੱਕੇ ਹਨ, ਉਨ੍ਹਾਂ ਵਿੱਚ ਕਈ ਥਾਵਾਂ ਤੇ ਸਿਵਰ ਦਾ ਪਾਣੀ ਤੈਰਦਾ ਨਜ਼ਰ ਆਉਂਦਾ ਹੈ ਜਿਹੜਾ ਕਿ ਬਹੁਤ ਹੀ ਖਤਰਨਾਕ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਸੀਨੀਅਰ ਸਿਟੀਜਨ ਕੌਂਸਲ ਵੱਲੋਂ ਸਰਕਾਰ ਅਤੇ ਫਿਰੋਜਪੁਰ ਪ੍ਰਸ਼ਾਸਨ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਤੁਰੰਤ ਇਸ ਦਾ ਹੱਲ ਕੀਤਾ ਜਾਵੇ। ਇਸ ਮੌਕੇ ਸਵਰਨ ਸਿੰਘ, ਪ੍ਰਦੀਪ ਕੁਮਾਰ, ਅਵਤਾਰ ਸਿੰਘ, ਮੱਖਣ ਲਾਲ ਹਾਜ਼ਰ ਸਨ।

ਚੇਅਰਮੈਨ ਢਿੱਲੋਂ, ਡਾਕਟਰ ਭਸੌੜ ਅਤੇ ਕਾਂਝਲਾ ਨੇ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ

# ਦਰਸ਼ਨਾਂ ਲਈ ਬੱਸਾਂ ਰਵਾਨਾ ਕੀਤੀਆਂ




ਧੂਰੀ ( ਰਣਜੀਤ ਸਿੰਘ ਪੇਧਨੀ )-ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਅੱਜ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਤੋਂ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀਆਂ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਹ ਬੱਸਾਂ ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਪਵਿੱਤਰ ਧਾਮਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾਣਗੀਆਂ। ਇਸ ਮੌਕੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਸ਼ਰਧਾਲੂਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਸੁਖਦ, ਸੁਰੱਖਿਅਤ ਅਤੇ ਸਫ਼ਲ ਯਾਤਰਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਦਾ ਵਿਸਥਾਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤਾਂ ਜੋ ਉਹ ਬਿਨਾਂ ਕਿਸੇ ਵਿੱਤੀ ਬੋਝ ਦੇ ਆਪਣੀ ਤੀਰਥ ਯਾਤਰਾ ਦੀ ਇੱਛਾ ਪੂਰੀ ਕਰ ਸਕਣ। ਉਨ੍ਹਾਂ ਦੱਸਿਆ ਕਿ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਯਾਤਰਾ ਕਰ ਸਕਦੇ ਹਨ। ਪੰਜਾਬ ਸਰਕਾਰ ਵੱਲੋਂ ਸ਼ਰਧਾਲੂਆਂ ਲਈ ਏ.ਸੀ. ਸਲੀਪਰ ਬੱਸ ਯਾਤਰਾ ਦੇ ਨਾਲ-ਨਾਲ ਰਹਿਣ ਅਤੇ ਖਾਣ-ਪੀਣ ਦਾ ਪ੍ਰਬੰਧ ਵੀ ਮੁਫ਼ਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਯਾਤਰਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਅਤੇ ਸੁਰੱਖਿਆ ਲਈ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਯੋਜਨਾ ਦੇ ਪਹਿਲੇ ਪੜਾਅ ਤਹਿਤ ਹੁਣ ਤੱਕ ਕਰੀਬ 4 ਲੱਖ ਸ਼ਰਧਾਲੂ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਨੰਦਪੁਰ ਸਾਹਿਬ-ਨੈਣਾ ਦੇਵੀ ਸਮੇਤ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰ ਚੁੱਕੇ ਹਨ। ਇਸ ਯਾਤਰਾ 'ਤੇ ਹੁਣ ਤੱਕ 148 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ ਅਤੇ ਪੰਜਾਬ ਸਰਕਾਰ ਵੱਲੋਂ ਕੁੱਲ 10 ਲੱਖ ਸ਼ਰਧਾਲੂਆਂ ਨੂੰ ਵੱਖ-ਵੱਖ ਤੀਰਥ ਅਸਥਾਨਾਂ ਦੇ ਦਰਸ਼ਨ ਕਰਵਾਉਣ ਦਾ ਟੀਚਾ ਮਿੱਥਿਆ ਗਿਆ ਹੈ। ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਨੇ ਕਿਹਾ ਕਿ ਯੋਜਨਾ ਦਾ ਵਿਸਥਾਰ ਕਰਦਿਆਂ ਹੁਣ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਧਾਮ ਵਰਗੇ ਪਵਿੱਤਰ ਅਸਥਾਨਾਂ ਨੂੰ ਵੀ ਤੀਰਥ ਯਾਤਰਾ ਨਾਲ ਜੋੜਿਆ ਗਿਆ ਹੈ। ਇਸ ਨਾਲ ਸੂਬੇ ਦੇ ਲੋਕਾਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਦਿਆਂ ਪੰਜਾਬ ਦੀ ਖੁਸ਼ਹਾਲੀ, ਤਰੱਕੀ, ਅਮਨ-ਸ਼ਾਂਤੀ ਅਤੇ ਲੋਕਾਂ ਦੀ ਚੰਗੀ ਸਿਹਤ ਲਈ ਅਰਦਾਸ ਕਰਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਅਤੇ ਸਮਾਜਿਕ ਭਾਵਨਾਵਾਂ ਦਾ ਸਨਮਾਨ ਕਰਦਿਆਂ ਅਜਿਹੇ ਲੋਕ-ਪੱਖੀ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰੱਖੇਗੀ।

ਇਸ ਮੌਕੇ ਅਨਿਲ ਮਿੱਤਲ ਪ੍ਰਧਾਨ ਨਗਰ ਕੌਂਸਲ ਅਮਰਜੋਤ ਕੌਰ, ਬਲਾਕ ਪ੍ਰਧਾਨ ਨਰੇਸ਼ ਕੁਮਾਰ, ਕੌਂਸਲਰ ਰਾਜੀਵ ਵਰਮਾ, ਕੌਂਸਲਰ ਸੁਸ਼ੀਲ ਰਿੰਕੂ, ਬਲਵਿੰਦਰ ਸਿੰਘ ਬਿੱਲੂ, ਅਜੈਬ ਸਿੰਘ ਸਮੇਤ ਸਥਾਨਕ ਆਗੂ, ਅਧਿਕਾਰੀ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਜੋਤੀਸਰ ਵਿਖੇ ਸੰਤ ਬਾਬਾ ਕਾਲਾ ਸਿੰਘ, ਸੰਤ ਬਾਬਾ ਤੇਜਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ ਦੀ ਹੋਈ ਆਰੰਭਤਾ-ਬਾਬਾ ਸੁੱਖਾ ਸਿੰਘ

## ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ 20 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਗੁਰਮਤਿ ਸਮਾਗਮ



ਜੰਡਿਆਲਾ ਗੁਰੂ 18 ਅਗਸਤ ( ਕੁਲਵੰਤ ਸਿੰਘ ਵਿਰਦੀ )-ਬ੍ਰਹਮ ਗਿਆਨੀ 108 ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆ ਤੋਂ ਵਰਸੋਏ ਹੋਏ ਸ੍ਰੀਮਾਨ 108 ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਵਾਲਿਆ ਤੋਂ ਵਰਸੋਏ ਸੱਚਖੰਡਵਾਸੀ ਸੰਤ ਬਾਬਾ ਕਾਲਾ ਸਿੰਘ ਜੀ ਅਤੇ ਸੰਤ ਬਾਬਾ ਤੇਜਾ ਸਿੰਘ ਜੀ ਦੀ ਸਲਾਨਾ ਬਰਸੀ ਨੂੰ ਸਮਰਪਿਤ ਗੁਰਮਤਿ ਸਮਾਗਮ ਦੀ ਅੱਜ ਆਰੰਭਤਾ ਕੀਤੀ ਗਈ ! ਇਸ ਬਰਸੀ ਨੂੰ ਸਮਰਪਿਤ ਅੱਜ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਅਤੇ ਤਿੰਨਾ ਦੇ ਭੋਗ 20 ਅਗਸਤ ਨੂੰ ਸਵੇਰੇ 11 ਵਜੇ ਪਾਏ ਜਾਣਗੇ ਇਸ ਸਮਾਗਮ ਸੰਬੰਧੀ ਜਾਣਕਾਰੀ ਦਿੰਦਿਆ ਹੋਇਆ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਦੱਸਿਆ ਕਿ ਜੋਤੀਸਰ ਦੀਆਂ ਸਮੂਹ ਸੰਗਤਾਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਸਦਕਾ ਅੱਜ 18 ਅਗਸਤ ਨੂੰ ਸਮਾਗਮ ਦੀ ਆਰੰਭਤਾ ਹੋ ਚੁੱਕੀ ਹੈ ਅਤੇ 20 ਅਗਸਤ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ ਉਪਰੰਤ ਗੁਰਮਤਿ ਸਮਾਗਮ ਦੀ ਆਰੰਭਤਾ ਹੋਵੇਗੀ ਅਤੇ ਉਪਰੰਤ ਗੁਰੂ ਘਰ ਦੇ ਕੀਰਤਨੀ ਜਥਿਆਂ ਵਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਹਰਜੱਸ ਸਰਵਨ ਕਰਕੇ ਸੰਗਤਾਂ ਨੂੰ ਚਰਨਾਂ ਨਾਲ ਜੋੜਿਆ ਜਾਵੇਗਾ ਅਤੇ ਸ੍ਰੋਮਣੀ ਪ੍ਰਚਾਰਕ ਸਿੰਘ ਸਾਹਿਬ ਭਾਈ ਹਰਪ੍ਰੀਤ ਸਿੰਘ ਜੀ ਵੱਲੋਂ ਸੰਗਤਾਂ ਨਾਲ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੀ ਕਥਾ ਅਤੇ ਗੁਰਮਤਿ ਵੀਚਾਰਾਂ ਦੀ ਸਾਂਝ ਪਾਉਂਦਿਆਂ ਹੋਇਆ ਸੰਤਾਂ ਮਹਾਂਪੁਰਖਾਂ ਦੇ ਜੀਵਨ ਬਾਰੇ ਸਾਂਝ ਪਾਈ ਜਾਵੇਗੀ ! ਇਨਾਂ ਸਮਾਗਮਾਂ ਵਿੱਚ ਵਿਸੇਸ ਤੌਰ ਤੇ ਸੰਤ ਮਹਾਂਪੁਰਖ ਹਾਜਰੀਆਂ ਭਰਨਗੇ ! ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਗੁਰਮਤਿ ਸਮਾਗਮ ਵਿੱਚ ਪ੍ਰੀਵਾਰਾਂ ਸਮੇਤ ਹਾਜਰੀਆਂ ਭਰ ਕਿ ਆਪਣਾ ਜੀਵਨ ਸਫਲ ਕਰੋ ! ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ !

## ਸਤੀਸ਼ ਪੂਣੀਆਂ ਨੂੰ ਪੰਜਾਬ ਭਾਜਪਾ ਦਾ ਪ੍ਰਭਾਰੀ ਬਣਾਉਣ 'ਤੇ ਗੋਪਾਲ ਕ੍ਰਿਸ਼ਨ ਬਾਂਸਲ ਵੱਲੋਂ ਕੇਂਦਰੀ ਲੀਡਰਸ਼ਿਪ ਦਾ ਧੰਨਵਾਦ



ਤਲਵੰਡੀ ਸਾਬੋ, 18 ਅਗਸਤ (ਗੁਰਜੰਟ ਸਿੰਘ ਨਥੇਹਾ)- ਭਾਜਪਾ ਦੇ ਸੀਨੀਅਰ ਆਗੂ ਸ੍ਰੀ ਗੋਪਾਲ ਕ੍ਰਿਸ਼ਨ ਬਾਂਸਲ ਨੇ ਸ੍ਰੀ ਸਤੀਸ਼ ਪੂਣੀਆਂ ਨੂੰ ਪੰਜਾਬ ਭਾਜਪਾ ਦਾ ਪ੍ਰਭਾਰੀ ਨਿਯੁਕਤ ਕੀਤੇ ਜਾਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਅਤੇ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਸ੍ਰੀ ਬਾਂਸਲ ਨੇ ਕਿਹਾ ਕਿ ਸ੍ਰੀ ਸਤੀਸ਼ ਪੂਣੀਆਂ ਇੱਕ ਤਜਰਬੇਕਾਰ, ਮਿਹਨਤੀ ਅਤੇ ਸਮਰੱਥ ਸੰਗਠਨਕ ਆਗੂ ਹਨ, ਜਿਨ੍ਹਾਂ ਦੀ ਅਗਵਾਈ ਅਤੇ ਤਜਰਬੇ ਦਾ ਪੰਜਾਬ ਵਿੱਚ ਪਾਰਟੀ ਨੂੰ ਯਕੀਨੀ ਤੌਰ 'ਤੇ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਸ ਨਿਯੁਕਤੀ ਨਾਲ ਪੰਜਾਬ ਭਾਜਪਾ ਦੇ ਸੰਗਠਨ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਪਾਰਟੀ ਦੇ ਜ਼ਮੀਨੀ ਪੱਧਰ ਦੇ ਵਰਕਰਾਂ ਵਿੱਚ ਨਵਾਂ ਉਤਸ਼ਾਹ 'ਤੇ ਜੋਸ਼ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਕਰਨ, ਵਰਕਰਾਂ ਨੂੰ ਇੱਕਜੁੱਟ ਕਰਨ ਅਤੇ ਸੰਗਠਨ ਨੂੰ ਜ਼ਮੀਨੀ ਪੱਧਰ ਤੱਕ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਸ੍ਰੀ ਪੂਣੀਆਂ ਦੀ ਨਿਯੁਕਤੀ ਅਹਿਮ ਸਾਬਤ ਹੋਵੇਗੀ। ਸ੍ਰੀ ਬਾਂਸਲ ਨੇ ਸ੍ਰੀ ਸਤੀਸ਼ ਪੂਣੀਆਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੰਦਿਆਂ ਭਰੋਸਾ ਪ੍ਰਗਟਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਵਿੱਚ ਭਾਜਪਾ ਹੋਰ ਮਜ਼ਬੂਤ ਹੋਵੇਗੀ ਅਤੇ ਪਾਰਟੀ ਦਾ ਸੰਗਠਨਕ ਆਧਾਰ ਵਿਸਥਾਰ ਪਾਵੇਗਾ।

## ਸਮਾਜ ਸੇਵੀ ਪੀ.ਸੀ ਕੁਮਾਰ ਨੇ ਆਜ਼ਾਦੀ ਦੇ ਦਿਹਾੜੇ ਤੇ ਬੱਚਿਆਂ ਨੂੰ ਕੀਤਾ ਜਾਗਰੂਕ



ਫ਼ਿਰੋਜ਼ਪੁਰ, 18 ਅਗਸਤ (ਮਨੋਹਰ ਲਾਲ) :— ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਰੇਕੇ ਫ਼ਿਰੋਜ਼ਪੁਰ ਵਿਖੇ ਪ੍ਰਕਾਸ਼ ਚੰਦ ਕੁਮਾਰ ਸਮਾਜ ਸੇਵਕ ਵੱਲੋਂ ਆਜਾਦੀ ਦਿਵਸ ਤੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ। ਇਨ੍ਹਾਂ ਨੇ ਸਿਹਤ ਜਾਗਰੂਕਤਾ, ਨਸ਼ਾ ਮੁਕਤੀ, ਵਤਾਵਰਣ ਸੰਭਾਲ, ਸਮਾਜਿਕ ਭਲਾਈ ਦੇ ਖੇਤਰਾਂ ਵਿਚ ਜਾਗਰੂਕ ਕੀਤਾ ਅਤੇ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਰੁੱਖ ਲਗਾਉਣ ਲਈ ਵੀ ਜਾਗਰੂਕ ਕੀਤਾ। ਇਸ ਮੌਕੇ ਰੋਸ਼ਨੀ ਦੀ ਰਾਹ ਪੁਸਤਕ ਭੇਂਟ ਕੀਤੀ, ਜਿਸ ਵਿਚ ਪ੍ਰੇਰਣਾਦਾਇਕ, ਮਨੋਰੰਜਕ ਅਤੇ ਜੀਵਨ ਮੁੱਲਾਂ ਨਾਲ ਭਰਪੂਰ ਕਹਾਣੀਆਂ ਦਾ ਸੰਗ੍ਰਿਹ ਹੈ। ਕਹਾਣੀ ਪੜ੍ਹ ਕੇ ਵੀ ਸਵੇਰ ਦੀ ਸਭਾ ਵਿਚ ਸੁਣਾਈ ਗਈ, ਜ਼ੋ ਕਿ ਮਿਹਨਤ, ਅਨੁਸਾਸ਼ਨ ਅਤੇ ਸਮਾਜ ਪ੍ਰਤੀ ਜਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਦਾ ਯਤਨ ਕਰਦੀ ਹੈ। ਉਨ੍ਹਾਂ ਨੇ ਦੇਸ਼ ਆਜ਼ਾਦ ਕਰਵਾਉਣ ਲਈ ਹੋਰ ਕੁਰਬਾਨੀਆਂ ਨੂੰ ਯਾਦ ਕਰਵਾਇਆ ਤੇ ਦੇਸ਼ ਦੀ ਸੇਵਾ ਭਾਵਨਾ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਅੰਤ ਵਿਚ ਅਸਵਿੰਦਰ ਸਿੰਘ ਸਕੂਨ ਮੁਖੀ ਨੇ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਸਮੇਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਾਰੇਕੇ ਦਾ ਸਾਰਾ ਸਟਾਫ ਮੌਜੂਦ ਸੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸਲਾਨਾ ਸਮਾਗਮ 21, 22 ਅਤੇ 23 ਅਗਸਤ 2026

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘਾਂ ਨੂੰ ਲਗਾ ਕੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾ ਰਹੇ ਹਨ। ਜਿਸ ਵਿੱਚ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ਼੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਦੀ ਪਾਵਨ ਯਾਦ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 21 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ 8 :30 ਵਜੇ ਤੱਕ ਦੀਵਾਨ ਸਜਣਗੇ।
- ਐਤਵਾਰ 23 ਅਗਸਤ 2026 ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਵਜੇ ਪੈਣ ਉਪਰੰਤ 13:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੁੰਚ ਰਹੇ ਗਿਆਨੀ ਅਮਰਜੀਤ ਸਿੰਘ ਹੜ੍ਹ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

### ਅਧਿਕਾਰੀਆਂ ਤੇ ਕਰਮਚਾਰੀਆਂ ਦੀ ਹਾਜ਼ਰੀ ਤੇ ਲੋਕਾਂ ਨੂੰ ਮਿਲ ਰਹੀਆਂ ਸੇਵਾਵਾਂ ਦਾ ਸ੍ਰ ਈ.ਟੀ.ਓ ਨੇ ਲਿਆ ਜਾਇਜ਼ਾ

# ਪੁਲਿਸ ਸਾਂਝ ਕੇਂਦਰ ਜੰਡਿਆਲਾ ਗੁਰੂ ਦੀ ਅਚਨਚੇਤ ਚੈਕਿੰਗ





**ਜੰਡਿਆਲਾ ਗੁਰੂ 18 ਅਗਸਤ (ਕੁਲਵੰਤ ਸਿੰਘ ਵਿਰਦੀ )** - ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਪੁਲਿਸ ਸਾਂਝ ਕੇਂਦਰ, ਜੰਡਿਆਲਾ ਗੁਰੂ ਵਿਖੇ ਅਚਨਚੇਤ ਚੈਕਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਸਾਂਝ ਕੇਂਦਰ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਹਾਜ਼ਰੀ ਚੈੱਕ ਕਰਨ ਦੇ ਨਾਲ-ਨਾਲ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਵੱਖ-ਵੱਖ ਸੇਵਾਵਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ।ਉਨ੍ਹਾਂ ਸਾਂਝ ਕੇਂਦਰ ਦੇ ਰਿਕਾਰਡ, ਕੰਮਕਾਜ ਦੇ ਢੰਗ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਸਬੰਧੀ ਵੀ ਜਾਣਕਾਰੀ ਹਾਸਲ ਕੀਤੀ। ਇਸ ਦੌਰਾਨ ਉਨ੍ਹਾਂ ਸਾਂਝ ਕੇਂਦਰ ਵਿਖੇ ਆਏ ਲੋਕਾਂ ਨਾਲ ਗੱਲਬਾਤ ਕਰਕੇ ਕੇਂਦਰ ਦੀ ਕਾਰਗੁਜ਼ਾਰੀ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸੇਵਾਵਾਂ ਸਬੰਧੀ ਫੀਡਬੈਕ ਵੀ ਪ੍ਰਾਪਤ ਕੀਤਾ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੁਲਿਸ ਸਾਂਝ ਕੇਂਦਰ ਲੋਕਾਂ ਅਤੇ ਪੁਲਿਸ ਦਰਮਿਆਨ ਸਾਂਝ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਸਥਾਪਿਤ ਕੀਤੇ ਗਏ ਹਨ। ਇਨ੍ਹਾਂ ਕੇਂਦਰਾਂ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਪੁਲਿਸ ਨਾਲ ਸਬੰਧਤ ਵੱਖ-ਵੱਖ ਸੇਵਾਵਾਂ ਇੱਕ ਸੁਚੱਜੇ, ਸੁਖਾਵੇਂ ਅਤੇ ਲੋਕ-ਪੱਖੀ ਮਾਹੌਲ ਵਿੱਚ ਮੁਹੱਈਆ ਕਰਵਾਉਣਾ ਹੈ ਉਨ੍ਹਾਂ ਕਿਹਾ ਕਿ ਪੁਲਿਸ ਸਾਂਝ ਕੇਂਦਰਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਸਾਰੀਆਂ ਸੇਵਾਵਾਂ ਸਮਾਂਬੱਧ ਹਨ। ਉਨ੍ਹਾਂ ਕਿਹਾ ਕਿ ਸਾਂਝ ਕੇਂਦਰਾਂ ਦਾ ਮਾਹੌਲ ਆਮ ਥਾਣੇ ਦੀ ਤਰ੍ਹਾਂ ਨਾ ਹੋ ਕੇ ਇੱਕ ਅਜਿਹੇ ਲੋਕ-ਪੱਖੀ ਦਫ਼ਤਰ ਵਜੋਂ ਵਿਕਸਤ ਕੀਤਾ ਗਿਆ ਹੈ, ਜਿੱਥੇ ਆਮ ਨਾਗਰਿਕ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆ ਕੇ ਆਪਣੀਆਂ ਲੋੜੀਂਦੀਆਂ ਸੇਵਾਵਾਂ ਪ੍ਰਾਪਤ ਕਰ ਸਕਣ ਅਤੇ ਆਪਣੀਆਂ ਸਮੱਸਿਆਵਾਂ ਬਾਰੇ ਜਾਣਕਾਰੀ ਦੇ ਸਕਣ।ਸਾਂਝ ਕੇਂਦਰ ਬਾਰੇ ਜਾਣਕਾਰੀ ਦਿੰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਇੱਥੇ ਲੋਕਾਂ ਨੂੰ ਵੱਖ-ਵੱਖ ਪੁਲਿਸ ਸਬੰਧੀ ਸੇਵਾਵਾਂ ਨਿਰਧਾਰਤ ਸਮੇਂ ਅੰਦਰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਵਿੱਚ ਸ਼ਿਕਾਇਤ ਦੀ ਪ੍ਰਾਪਤੀ, ਸ਼ਿਕਾਇਤ 'ਤੇ ਕੀਤੀ ਗਈ ਕਾਰਵਾਈ ਬਾਰੇ ਜਾਣਕਾਰੀ, ਐਫ.ਆਈ.ਆਰ. ਜਾਂ ਡੀ.ਡੀ.ਆਰ. ਦੀ ਕਾਪੀ, ਸੜਕ ਹਾਦਸੇ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ, ਵਾਹਨ ਚੋਰੀ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ ਅਤੇ ਚੋਰੀ ਦੇ ਕੇਸ ਵਿੱਚ ਅਨਟਰੇਸਡ ਰਿਪੋਰਟ ਦੀ ਕਾਪੀ ਸ਼ਾਮਲ ਹਨ।ਇਸ ਤੋਂ ਇਲਾਵਾ ਲਾਊਡ ਸਪੀਕਰ ਦੀ ਵਰਤੋਂ ਲਈ ਇਤਰਾਜ਼ਹੀਣਤਾ ਸਰਟੀਫਿਕੇਟ, ਮੇਲੇ, ਪ੍ਰਦਰਸ਼ਨੀ ਜਾਂ ਖੇਡ ਸਮਾਰੋਹ ਲਈ ਇਤਰਾਜ਼ਹੀਣਤਾ ਸਰਟੀਫਿਕੇਟ, ਪ੍ਰੀ-ਓਨਡ (ਪੁਰਾਣੀ ਮਲਕੀਅਤ) ਵਾਹਨ ਲਈ ਇਤਰਾਜ਼ਹੀਣਤਾ ਸਰਟੀਫਿਕੇਟ, ਵੀਜ਼ੇ ਲਈ ਪੁਲਿਸ ਕਲੀਅਰੈਂਸ, ਕਰੈਕਟਰ ਵੈਰੀਫਿਕੇਸ਼ਨ, ਟੇਨੈਂਟ (ਕਿਰਾਏਦਾਰ) ਵੈਰੀਫਿਕੇਸ਼ਨ, ਇੰਪਲਾਈ ਵੈਰੀਫਿਕੇਸ਼ਨ ਅਤੇ ਡੋਮੈਸਟਿਕ ਹੈਲਪ ਜਾਂ ਸਰਵੈਂਟ ਵੈਰੀਫਿਕੇਸ਼ਨ ਆਦਿ ਸੇਵਾਵਾਂ ਵੀ ਨਿਰਧਾਰਤ ਸਮੇਂ ਅੰਦਰ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਸ. ਹਰਭਜਨ ਸਿੰਘ ਈ.ਟੀ.ਓ. ਨੇ ਸਾਂਝ ਕੇਂਦਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਪੱਸ਼ਟ ਹਦਾਇਤ ਕੀਤੀ ਕਿ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਖੱਜਲ-ਖੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨਾਲ ਸਤਿਕਾਰ ਅਤੇ ਨਿਮਰਤਾ ਨਾਲ ਪੇਸ਼ ਆਉਂਦਿਆਂ ਉਸ ਦੀ ਸਮੱਸਿਆ ਨੂੰ ਧਿਆਨ ਨਾਲ ਸੁਣਿਆ ਜਾਵੇ ਅਤੇ ਨਿਰਧਾਰਤ ਸਮੇਂ ਅੰਦਰ ਉਸ ਦਾ ਹੱਲ ਯਕੀਨੀ ਬਣਾਇਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸੇ ਸੇਵਾ ਲਈ ਕੋਈ ਦਸਤਾਵੇਜ਼ ਜਾਂ ਹੋਰ ਕਾਰਵਾਈ ਲੋੜੀਂਦੀ ਹੈ ਤਾਂ ਇਸ ਸਬੰਧੀ ਲੋਕਾਂ ਨੂੰ ਸਪੱਸ਼ਟ ਜਾਣਕਾਰੀ ਦਿੱਤੀ ਜਾਵੇ, ਤਾਂ ਜੋ ਉਹ ਬਿਨਾਂ ਲੋੜੀਂਦੀ ਪ੍ਰੇਸ਼ਾਨੀ ਦੇ ਆਪਣਾ ਕੰਮ ਕਰਵਾ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਾਪਤ ਕਰਨ ਲਈ ਬਿਨਾਂ ਲੋੜ ਦੇ ਦਫ਼ਤਰਾਂ ਦੇ ਚੱਕਰ ਨਾ ਲਗਾਉਣੇ ਪੈਣ ਅਤੇ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਨੂੰ ਹਰ ਪੱਧਰ 'ਤੇ ਸਰਲ ਤੇ ਸੁਚਾਰੂ ਬਣਾਇਆ ਜਾਵੇ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਆਉਣ ਵਾਲੇ ਹਰੇਕ ਨਾਗਰਿਕ ਦੀ ਗੱਲ ਨੂੰ ਗੰਭੀਰਤਾ ਨਾਲ ਸੁਣਨਾ ਅਤੇ ਉਸ ਦੀਆਂ ਮੁਸ਼ਕਲਾਂ ਦਾ ਤੁਰੰਤ ਨਿਪਟਾਰਾ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਾਪਤ ਕਰਨ ਵਿੱਚ ਕਿਸੇ ਕਿਸਮ ਦੀ ਦੇਰੀ, ਲਾਪਰਵਾਹੀ ਜਾਂ ਬੇਲੋੜੀ ਪਰੇਸ਼ਾਨੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਸਾਂਝ ਕੇਂਦਰ ਦੇ ਸਟਾਫ਼ ਨੂੰ ਹਦਾਇਤ ਕੀਤੀ ਕਿ ਕੇਂਦਰ ਵਿੱਚ ਆਉਣ ਵਾਲੇ ਲੋਕਾਂ ਦੀ ਸਹੂਲਤ ਨੂੰ ਪਹਿਲ ਦਿੱਤੀ ਜਾਵੇ ਅਤੇ ਸੇਵਾਵਾਂ ਪ੍ਰਦਾਨ ਕਰਨ ਦੀ ਸਮੁੱਚੀ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਅਧਿਕਾਰੀ ਅਤੇ ਕਰਮਚਾਰੀ ਆਪਣੀ ਡਿਊਟੀ ਪੂਰੀ ਜ਼ਿੰਮੇਵਾਰੀ, ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣ ਅਤੇ ਇਹ ਯਕੀਨੀ ਬਣਾਉਣ ਕਿ ਲੋਕਾਂ ਨੂੰ ਸਰਕਾਰੀ ਸੇਵਾਵਾਂ ਲਈ ਕਿਸੇ ਵਿਚੋਲੇ ਜਾਂ ਬੇਲੋੜੇ ਦਖ਼ਲ ਦੀ ਲੋੜ ਨਾ ਪਵੇ।ਅਚਨਚੇਤ ਚੈਕਿੰਗ ਦੌਰਾਨ ਉਨ੍ਹਾਂ ਸਾਂਝ ਕੇਂਦਰ ਦੇ ਕੰਮਕਾਜ ਸਬੰਧੀ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕੀਤੀ ਅਤੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਲੋੜੀਂਦੇ ਸੁਝਾਅ ਅਤੇ ਨਿਰਦੇਸ਼ ਵੀ ਦਿੱਤੇ।ਉਨ੍ਹਾਂ ਕਿਹਾ ਕਿ ਸਰਕਾਰੀ ਸੇਵਾਵਾਂ ਦੀ ਗੁਣਵੱਤਾ, ਪਾਰਦਰਸ਼ਤਾ ਅਤੇ ਸਮਾਂਬੱਧਤਾ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਸੁਚਾਰੂ, ਪਾਰਦਰਸ਼ੀ ਅਤੇ ਜਵਾਬਦੇਹ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਅਚਨਚੇਤ ਚੈਕਿੰਗਾਂ ਦਾ ਮਕਸਦ ਸਰਕਾਰੀ ਸੇਵਾਵਾਂ ਦੀ ਜ਼ਮੀਨੀ ਪੱਧਰ 'ਤੇ ਸਥਿਤੀ ਦਾ ਜਾਇਜ਼ਾ ਲੈਣਾ ਅਤੇ ਜਿੱਥੇ ਵੀ ਲੋੜ ਹੋਵੇ, ਉੱਥੇ ਤੁਰੰਤ ਸੁਧਾਰ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ, ਸੁਖਾਵੇਂ ਅਤੇ ਪਾਰਦਰਸ਼ੀ ਮਾਹੌਲ ਵਿੱਚ ਸਰਕਾਰੀ ਸੇਵਾਵਾਂ ਉਪਲਬਧ ਕਰਵਾਉਣਾ ਹੈ। ਇਸ ਲਈ ਸਾਂਝ ਕੇਂਦਰਾਂ ਵਿੱਚ ਕੰਮ ਕਰਦੇ ਅਧਿਕਾਰੀ ਅਤੇ ਕਰਮਚਾਰੀ ਲੋਕ ਸੇਵਾ ਦੀ ਭਾਵਨਾ ਨਾਲ ਆਪਣੀ ਡਿਊਟੀ ਨਿਭਾਉਣ ਅਤੇ ਹਰੇਕ ਨਾਗਰਿਕ ਦੀਆਂ ਉਮੀਦਾਂ 'ਤੇ ਖਰਾ ਉਤਰਨਾ ਯਕੀਨੀ ਬਣਾਉਣ।

### ਪਬਲਿਕ ਨੂੰ ਸਮਾਂਬੱਧ, ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਸੇਵਾਵਾਂ ਮੁਹੱਈਆ ਕਰਵਾਉਣ ਦੇ ਦਿੱਤੇ ਨਿਰਦੇਸ਼

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਬੰਗਲਾ ਸਾਹਿਬ ਦੀ ਪਾਰਕਿੰਗ ਚ ਆਏ ਅਵਾਰਾ ਕੁੱਤੇ ਨੂੰ ਭਜਾਉਣ ਵਾਲੇ

# ਸੇਵਾਦਾਰਾਂ ਨੂੰ ਬੇਜਤ ਕਰਨ ਵਾਲੀ ਔਰਤ ਤੇ ਦਿੱਲੀ ਕਮੇਟੀ ਕਰੇ ਕਾਨੂੰਨੀ ਕਾਰਵਾਈ



ਜੰਡਿਆਲਾ ਗੁਰੂ 18 ਅਗਸਤ (ਕੁਲਵੰਤ ਸਿੰਘ ਵਿਰਦੀ )ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਜੰਡਿਆਲਾ ਗੁਰੂ ਦੇ ਸਰਗਰਮ ਆਗੂ ਅਤੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਨੇ ਗੱਲਬਾਤ ਦੌਰਾਨ ਕਿਹਾ ਕਿ ਬੀਤੇ ਦਿਨ ਸੋਸ਼ਲ ਮੀਡੀਆ ਤੇ ਵਾਇਰਲ ਹੋਈ ਇਕ ਵੀਡੀਓ ਕਲਿਪ ਨੇ ਅਨੇਕਾਂ ਸਵਾਲੀਆ ਚਿੰਨ੍ਹ ਪੈਦਾ ਕੀਤੇ ਹਨ ਕਿ ਕੀ ਅੱਜ ਕੱਲ੍ਹ ਦੇ ਸਮੇਂ ਦੌਰਾਨ ਕੁਝ ਲੋਕ ਗੁਰਦੁਆਰਾ ਸਾਹਿਬ ਵਿਖੇ ਆਪਣੀ ਅਤੇ ਆਪਣੇ ਪ੍ਰੀਵਾਰ ਦੀ ਖੁਸ਼ੀ ਲਈ ਜਾਂਦੇ ਹਨ ਜਾਂ ਫਿਰ ਆਪਣੇ ਹੰਕਾਰ ਦਾ ਪ੍ਰਦਰਸ਼ਨ ਕਰਨ ਜਾਂਦੇ ਹਨ ਜੇਕਰ ਗੱਲ ਕਰੀਏ ਦਿੱਲੀ ਵਿਖੇ ਸਥਿਤ ਇਤਿਹਾਸਕ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸੇਵਾਦਾਰਾਂ ਵੱਲੋਂ ਆਪਣੀ ਸੇਵਾ ਡਿਊਟੀ ਨਿਭਾਈ ਜਾ ਰਹੀ ਸੀ ਕਿ ਉੱਥੇ ਦਰਸ਼ਨਾਂ ਨੂੰ ਆਈ ਇਕ ਔਰਤ ਵਲੋਂ ਉਨਾਂ ਵਡੇਰੀ ਉਮਰ ਦੇ ਸੇਵਾਦਾਰਾਂ ਨੂੰ ਬੁਰਾ ਭਲਾ ਬੋਲ ਕਿ ਵੀਡੀਓ ਬਣਾਈ ਗਈ ਅਤੇ ਉਨਾਂ ਸੇਵਾਦਾਰਾਂ ਦੀ ਬੇਜਤੀ ਕਰਨ ਤੋਂ ਬਾਅਦ ਵੀਡੀਓ ਬਣਾ ਕਿ ਸੋਸ਼ਲ ਮੀਡੀਆ ਤੇ ਵਾਇਰਲ ਕਰ ਦਿੱਤੀ ਗਈ ਉਸ ਵੀਡੀਓ ਵਿੱਚ ਸੇਵਾਦਾਰਾਂ ਵੱਲੋਂ ਗੁਰਦੁਆਰਾ ਸਾਹਿਬ ਦੀ ਪਾਰਕਿੰਗ ਵਿੱਚ ਆਏ ਅਵਾਰਾ ਕੁੱਤੇ ਨੂੰ ਡਰਾ ਕਿ ਧਮਕਾ ਕਿ ਉੱਥੋਂ ਭਜਾਇਆ ਜਾ ਰਿਹਾ ਹੈ ਕਿ ਇਨੇ ਨੂੰ ਉੱਥੇ ਦਰਸ਼ਨਾਂ ਨੂੰ ਆਈ ਕੁੱਤਿਆਂ ਦੀ ਪ੍ਰੇਮੀ ਇਕ ਔਰਤ ਵਲੋਂ ਉਸ ਕੁੱਤੇ ਨੂੰ ਲੈ ਕੇ ਬੋਲਦੀ ਹੋਈ ਨੇ ਕਿਹਾ ਕਿ ਜੇਕਰ ਗੁਰਦੁਆਰਾ ਸਾਹਿਬ ਵਿੱਚੋਂ ਕੁਤੇ ਗੁੰਮ ਹੁੰਦੇ ਹਨ ਤਾਂ ਉਸ ਦੇ ਜਿੰਮੇਵਾਰ ਇਹ ਸੇਵਾਦਾਰ ਹੋਣਗੇ ! ਇਸ ਘਟਨਾਕ੍ਰਮ ਵਿੱਚ ਕੁੱਤਆਂ ਦੀ ਪ੍ਰੇਮਿਕਾ ਔਰਤ ਵਲੋਂ ਬੋਲੀ ਗਈ ਭੈੜੀ ਸਬਦਾਵਲੀ ਅਤਿਨਿੰਦਣਯੋਗ ਜਿਸ ਦੀ ਸਖਤ ਸਬਦਾਂ ਵਿੱਚ ਨਿਖੇਧੀ ਕੀਤੀ ਜਾਂਦੀ ਹੈ ਅਤੇ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਔਰਤ ਤੇ ਸਖਤ ਤੋਂ ਸਖਤ ਬਨਦੀ ਕਾਨੂੰਨੀ ਕਾਰਵਾਈ ਕਰਵਾਈ ਜਾਵੇ ਤਾਂ ਜੋ ਭਵਿੱਖ ਵਿੱਚ ਫਿਰ ਕੋਈ ਵੀ ਇਸ ਤਰ੍ਹਾਂ ਦਾ ਕੁੱਤਿਆਂ ਦਾ ਪ੍ਰੇਮੀ ਗੁਰਦੁਆਰਾ ਸਾਹਿਬਾਨਾਂ ਵਿੱਚ ਦਾਖਲ ਹੋ ਕਿ ਸੇਵਾਦਾਰਾਂ ਨੂੰ ਨਜਾਇਜ਼ ਤੰਗ ਪ੍ਰੇਸ਼ਾਨ ਨਾ ਕਰੇ !ਇਸ ਮੌਕੇ ਸ੍ਰ ਪ੍ਰੇਮ ਸਿੰਘ, ਸਾਵਣ ਸਿੰਘ, ਜਗਜੀਤ ਸਿੰਘ, ਅੰਮ੍ਰਿਤਪਾਲ ਸਿੰਘ , ਹਰਬੰਸ ਸਿੰਘ, ਪਰਮਜੀਤ ਸਿੰਘ ਕੁਆਰੀ, ਅੰਮ੍ਰਿਤਪਾਲ ਸਿੰਘ ਸੁੰਮਨ, ਰਾਜਕੁਮਾਰ ਯਾਦਵ, ਰਵਿੰਦਰ ਸਿੰਘ, ਪਯੂਸ ਕੁਮਾਰ, ਪਰਭਕੀਰਤ ਸਿੰਘ, ਸ੍ਰ ਸਵਰਨ ਸਿੰਘ ਆਦਿ ਹਾਜ਼ਰ ਸਨ !

### ਕੁੱਤਿਆਂ ਦੀ ਪ੍ਰੇਮਿਕਾ ਵੱਲੋਂ ਵਡੇਰੀ ਉਮਰ ਦੇ ਸੇਵਾਦਾਰਾਂ ਨੂੰ ਨਜਾਇਜ ਬੇਜਤ ਕਰਨਾ ਅਤਿ ਨਿੰਦਣਯੋਗ-ਬਾਬਾ ਬਿਬੇਕ

ਆਵਾਜ਼ਿ ਕੌਮ AWAZE QAUM International Newspaper & WEB TV

# ਮੁਲਾਜ਼ਮ ਤੇ ਪੈਨਸ਼ਨਰਜ ਨੇ ਗੇਟ ਰੈਲੀ ਕਰ ਕੀਤਾ ਰੋਸ ਪ੍ਰਦਰਸ਼ਨ



**ਫ਼ਿਰੋਜ਼ਪੁਰ, 18 ਅਗਸਤ (ਮਨੋਹਰ ਲਾਲ)** :— ਪੰਜਾਬ ਸਰਕਾਰ ਵੱਲੋਂ ਮੁਲਾਜਮ ਅਤੇ ਪੈਨਸ਼ਨਰਜ ਦੇ ਸਾਲ 2016 ਤੋਂ ਬਕਾਇਆ ਡੀ.ਏ ਦੇਣ ਤੋਂ ਤਾਲ ਮਟੋਲ ਕਰਨ, 2.59 ਫੈਕਟਰ ਨਾਲ ਪੈਨਸ਼ਨ ਫ਼ਿਕਸ ਨਾ ਕਰਨ ਵਿਰੁੱਧ ਅੱਜ ਵਣ ਵਿਭਾਗ ਫ਼ਿਰੋਜਪੁਰ ਸਰਕਲ ਅਤੇ ਵਣ ਮੰਡਲ ਦਫ਼ਤਰ ਜੰਗਲੀ ਜੀਵ ਮੰਡਲ ਫ਼ਿਰੋਜਪੁਰ ਦੇ ਮੁਲਾਜ਼ਮ ਅਤੇ ਪੈਨਸ਼ਨਰਜ਼ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ਅਤੇ ਗੇਟ ਰੈਲੀ ਕਰਕੇ ਸਰਕਾਰ ਵਿਰੁੱਧ ਨਾਅਰੇ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਨੇ ਦੱਸਿਆ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਧਰਨੇ ਮੁਜ਼ਾਹਰੇ ਕੀਤੇ ਜਾਂਦੇ ਰਹਿਣਗੇ। ਉਨ੍ਹਾਂ ਮੰਗ ਕੀਤੀ ਕਿ ਮੁਲਾਜ਼ਮ ਅਤੇ ਪੈਨਸ਼ਨਰਜ ਦੇ ਬਣਦੇ ਡੀ.ਏ ਅਤੇ 2.59 ਫੈਕਟਰ ਨਾਲ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ, ਪਰਖ ਅਧੀਨ ਮੁਲਾਜ਼ਮਾਂ ਨੂੰ ਪੂਰੀ ਤਨਖਾਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਮੋਰਚਾ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਵਣ ਵਿਭਾਗ ਦੇ ਮੁਲਾਜ਼ਮ ਅਤੇ ਪੈਨਸ਼ਨਰਜ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ। ਇਸ ਮੌਕੇ ਰਣਜੀਤ ਸਿੰਘ ਸੁਪਰਡੈਂਟ, ਸ਼੍ਰੀਮਤੀ ਸਪਨਾ, ਕੰਵਲਜੀਤ ਕੌਰ, ਪਰਮਿੰਦਰ ਕੌਰ, ਵਿਸ਼ਾਲ ਭਾਰਤੀ, ਸ੍ਰੀਮਤੀ ਸ਼ਮਾਂ, ਕਿਰਪਾਲ ਕੌਰ, ਗਣੇਸ਼ ਕੁਮਾਰ, ਸ਼ਿਲਪਾ ਰਾਣੀ, ਸਤਨਾਮ ਸਿੰਘ, ਗੁਰਪਾਲ ਸਿੰਘ, ਨਿਰਮਲਜੀਤ ਸਿੰਘ, ਅਮਿਤ ਕੁਮਾਰ, ਰਜਨਜੀਤ ਕੌਰ, ਸੱਤਪਾਲ ਸਿੰਘ, ਗੁਰਵਿੰਦਰ ਸਿੰਘ, ਸਰੋਜ ਰਾਣੀ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ, ਸੱਤਪਾਲ ਸਿੰਘ ਸੇਵਾ ਮੁਕਤ ਵਣ ਗਾਰਡ, ਰੋਸ਼ਨ ਲਾਲ ਰਿਟਾਇਰਡ ਵਣ ਅਫ਼ਸਰ, ਸ਼੍ਰੀਮਤੀ ਰਿੰਪੀ, ਸਾਹਿਬ ਸਿੰਘ, ਬਰਕਤ ਆਦਿ ਨੇ ਸੰਬੋਧਨ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗਗਨਦੀਪ ਸਿੰਘ ਚਾਵਲਾ ਨੂੰ ਭਰਾ ਦੀ ਮੌਤ ਦਾ ਗਹਿਰਾ ਸਦਮਾ



**ਫ਼ਿਰੋਜ਼ਪੁਰ, 18 ਅਗਸਤ (ਮਨੋਹਰ ਲਾਲ)** :—ਫਿਰੋਜ਼ਪੁਰ ਸ਼ਹਿਰ ਨਾਲ ਸਬੰਧਤ ਪ੍ਰਮੁੱਖ ਸਖਸ਼ੀਅਤ ਗਗਨਦੀਪ ਸਿੰਘ ਚਾਵਲਾ ਦੇ ਭਰਾ ਗੁਰਕ੍ਰਿਪਾਲ ਸਿੰਘ ਚਾਵਲਾ ਦੇ ਅਕਾਲ ਚਲਾਣਾ ਕਰ ਜਾਣ ਦੀ ਦੁਖਦਾਈ ਖ਼ਬਰ ਸਾਹਮਣੇ ਆਈ ਹੈ। ਅਕਾਲ ਪੁਰਖ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਪੂਰੀ ਕਰਦੇ ਹੋਏ ਗੁਰਕ੍ਰਿਪਾਲ ਸਿੰਘ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ, ਉਨ੍ਹਾਂ ਦੇ ਅਕਾਲ ਚਲਾਣੇ ਦੀ ਖ਼ਬਰ ਮਿਲਦਿਆਂ ਹੀ ਸਮੁੱਚੇ ਇਲਾਕੇ ਪਰਿਵਾਰ ਅਤੇ ਸਾਕ ਸਬੰਧੀਆਂ ਵਿੱਚ ਗਹਿਰੇ ਦੁੱਖ ਦੀ ਲਹਿਰ ਦੌੜ ਗਈ। ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕਰਨ ਪੁੱਜੀਆਂ ਸਖਸ਼ੀਅਤਾਂ ਨੇ ਕਿਹਾ ਕਿ ਗੁਰਕ੍ਰਿਪਾਲ ਸਿੰਘ ਲਵਲੀ ਦੇ ਜਾਣ ਨਾਲ ਸਮਾਜ ਅਤੇ ਪਰਿਵਾਰ ਨੂੰ ਕਦੇ ਨਾ ਪੂਰੀਆਂ ਜਾਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਵਿਛੜੀ ਆਤਮਾ ਨੂੰ ਆਤਮਿਕ ਸ਼ਾਂਤੀ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਲਈ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਗਈ। ਇਸ ਮੌਕੇ ਵੱਖ—ਵੱਖ ਸਮਾਜਿਕ ਧਾਰਮਿਕ ਅਤੇ ਰਾਜਨੀਤਿਕ ਸਖਸ਼ੀਅਤਾਂ ਨੇ ਪਰਿਵਾਰ ਨਾਲ ਦੁੱਖ ਸਾਂਝਾਂ ਕੀਤਾ। ਇਸ ਮੌਕੇ ਜਸਬੀਰ ਸਿੰਘ ਢੋਲੇ ਵਾਲਾ ਸੂਬਾ ਮੀਤ ਪ੍ਰਧਾਨ ਬੀ.ਕੇ.ਯੂ ਖੋਸਾ ਇੰਦਰਜੀਤ ਸਿੰਘ ਸੋਨੂੰ ਚਾਵਲਾ ਭਗਵਾਨ ਸਿੰਘ ਦੜਿਆਲਾ, ਹਰਭਜਨ ਸਿੰਘ ਦੜਿਆਲਾ, ਸੁਖਮੰਦਰ ਸਿੰਘ ਜੱਬਲ, ਜਸਬੀਰ ਸਿੰਘ ਕਲਸੀ, ਜਰਨੈਲ ਸਿੰਘ ਗਾਬੜੀਆ, ਕੁਲਵਿੰਦਰ ਸਿੰਘ ਰਾਮ ਪੁਰਾ, ਰਾਮੇਸ਼ ਕੁਮਾਰ ਢੀਂਗਰਾ, ਨਾਇਬ ਤਹਿਸੀਲਦਾਰ ਪੰਕਜ਼ ਹਾਡਾਂ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭੈਣ ਰਾਮ ਲੂਭਾਈ ਦੇ ਅਚਾਨਕ ਤੁਰ ਜਾਣ ਤੇ ਸੀਨੀਅਰ ਸਿਟੀਜਨ ਫੋਰਮ ਨੇ ਪਰਿਵਾਰ ਨਾਲ ਕੀਤਾ ਦੁੱਖ ਦਾ ਪ੍ਰਗਟਾਵਾ

ਫ਼ਿਰੋਜ਼ਪੁਰ, 18 ਅਗਸਤ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਸੀਨੀਅਰ ਮੀਤ ਪ੍ਰਧਾਨ ਸ਼੍ਰੀ ਸਤੀਸ਼ ਪੂਰੀ ਦੇ ਵੱਡੇ ਭੈਣ ਸ਼੍ਰੀਮਤੀ ਰਾਮ ਲੂਭਾਈ ਪਿੰਡ ਲੇਪੋ ਜਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੀ ਸੰਖੇਪ ਬਿਮਾਰੀ ਉਪਰੰਤ ਮੌਤ ਹੋਣ ਤੇ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਪਰਿਵਾਰ ਨਾਲ ਦੁੱਖ ਦਾ ਇਜਹਾਰ ਕੀਤਾ ਗਿਆ। ਇਸ ਸਬੰਧੀ ਫੋਰਮ ਦੀ ਹੋਈ ਮੀਟਿੰਗ ਦੌਰਾਨ ਪ੍ਰਧਾਨ ਸ਼੍ਰੀ ਪਰਦੀਪ ਧਵਨ ਅਤੇ ਸਮੂੰਹ ਮੈਂਬਰ ਸਾਹਿਬਾਨ ਵੱਲੋਂ ਅਫਸੋਸ ਜ਼ਾਹਰ ਕੀਤਾ ਅਤੇ ਪਰਿਵਾਰ ਨਾਲ ਹਮਦਰਦੀ ਜ਼ਾਹਰ ਕੀਤੀ। ਇਸ ਮੌਕੇ ਅਰਦਾਸ ਬੇਨਤੀ ਕੀਤੀ ਕਿ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਇਸ ਮੌਕੇ ਤਿਲਕ ਰਾਜ ਐਰੀ ਪੈਟਰਨ, ਐਸ.ਪੀ ਖੇੜਾ ਚੇਅਰਮੈਨ, ਦੇਸ ਬੰਧੂ ਤੁਲੀ ਪੈਟਰਨ, ਪ੍ਰਵੀਨ ਤਲਵਾੜ ਮੀਤ ਪ੍ਰਧਾਨ, ਅਵਤਾਰ ਸਿੰਘ ਭੋਲਾ ਮੀਤ ਪ੍ਰਧਾਨ, ਰਾਕੇਸ਼ ਸ਼ਰਮਾ ਮੀਤ ਪ੍ਰਧਾਨ, ਗਤਿੰਦਰ ਕੁਮਾਰ ਕਮਲ ਕੈਸ਼ੀਅਰ, ਅਸ਼ੋਕ ਕੁਮਾਰ ਗਰਗ ਜੁਆਇੰਟ ਕੈਸ਼ੀਅਰ, ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਹਰੀਸ਼ ਮੋਂਗਾ, ਚੀਫ਼ ਅਡਵਾਈਜ਼ਰ, ਡਾਕਟਰ ਸੁਰਿੰਦਰ ਸਿੰਘ, ਸੁਰਿੰਦਰ ਸਿੰਘ ਬਾਲਾਸੀ, ਚਰਨਜੀਤ ਮਹਾਜਨ, ਅਸ਼ੋਕ ਕਪਾਹੀ, ਪ੍ਰੋ ਗੁਰਦੇਵ ਸਿੰਘ, ਯੋਗਿੰਦਰ ਨਾਥ ਕੱਕੜ ਆਦਿ ਨੇ ਅਫਸੋਸ ਜ਼ਾਹਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੈਟਰੋਲੀਅਮ ਉਤਪਾਦਾਂ ਦੇ ਸੁਰੱਖਿਅਤ ਸੰਚਾਲਨ ਲਈ

# ਐਚਐਮਈਐਲ ਵੱਲੋਂ ਵਿਸ਼ੇਸ਼ ਸਿਹਤ ਅਤੇ ਅੱਖਾਂ ਦੀ ਜਾਂਚ ਮੁਹਿੰਮ






**ਤਲਵੰਡੀ ਸਾਬੋ, 18 ਅਗਸਤ (ਗੁਰਜੰਟ ਸਿੰਘ ਨਥੇਹਾ)**- ਪੈਟਰੋਲੀਅਮ ਉਤਪਾਦਾਂ ਦੇ ਸੁਰੱਖਿਅਤ ਅਤੇ ਜ਼ਿੰਮੇਵਾਰ ਸੰਚਾਲਨ ਨੂੰ ਯਕੀਨੀ ਬਣਾਉਣ ਅਤੇ ਟੈਂਕਰ ਅਤੇ ਟਰੱਕ ਚਾਲਕਾਂ ਅਤੇ ਉਨ੍ਹਾਂ ਦੇ ਸਹਿਕਰਮੀਆਂ ਦੀ ਸਿਹਤ ਅਤੇ ਸੁਰੱਖਿਆ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਐਚਐਮਈਐਲ ਵੱਲੋਂ ਵਿਸ਼ੇਸ਼ ਸਿਹਤ ਅਤੇ ਅੱਖਾਂ ਦੀ ਜਾਂਚ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਟੈਂਕਰ ਅਤੇ ਟਰੱਕ ਚਾਲਕ ਦਲ ਲਈ ਨਿਯਮਿਤ ਅੰਤਰਾਲ ’ਤੇ ਮਹੀਨਾਵਾਰ ਸਿਹਤ ਅਤੇ ਅੱਖਾਂ ਦੀ ਜਾਂਚ ਕੈਂਪ ਲਗਾਏ ਜਾ ਰਹੇ ਹਨ। ਇਸੇ ਮੁਹਿੰਮ ਦੀ ਕੜੀ ਵਜੋਂ ਐਚਐਮਈਐਲ ਮਾਰਕੀਟਿੰਗ ਵੱਲੋਂ ਸਿਵਲ ਹਸਪਤਾਲ, ਬਠਿੰਡਾ ਅਤੇ ਏਕਜੋਤ ਆਈ ਹਸਪਤਾਲ, ਰਾਮਾਂ ਦੇ ਸਹਿਯੋਗ ਨਾਲ 3 ਰੋਜ਼ਾ ਮੁਫ਼ਤ ਸਿਹਤ ਜਾਂਚ ਅਤੇ ਅੱਖਾਂ ਦੀ ਜਾਂਚ ਕੈਂਪ ਲਗਾਏ ਗਏ। ਇਨ੍ਹਾਂ ਕੈਂਪਾਂ ਦਾ ਉਦੇਸ਼ ਪੈਟਰੋਲੀਅਮ ਉਤਪਾਦਾਂ ਦੇ ਸੰਚਾਲਨ ਅਤੇ ਆਵਾਜਾਈ ਨਾਲ ਜੁੜੇ ਕਰਮਚਾਰੀਆਂ ਨੂੰ ਨਿਯਮਿਤ ਸਿਹਤ ਅਤੇ ਅੱਖਾਂ ਦੀ ਜਾਂਚ ਦੀ ਸਹੂਲਤ ਪ੍ਰਦਾਨ ਕਰਨਾ ਅਤੇ ਕਿਸੇ ਵੀ ਸਿਹਤ ਜਾਂ ਨਜ਼ਰ ਸਬੰਧੀ ਸਮੱਸਿਆ ਦੀ ਸਮੇਂ ਸਿਰ ਪਛਾਣ ਕਰਕੇ ਲੋੜੀਂਦੀ ਡਾਕਟਰੀ ਸਹਾਇਤਾ ਮੁਹੱਈਆ ਕਰਵਾਉਣਾ ਸੀ। ਮੁਹਿੰਮ ਤਹਿਤ ਕਰਮਚਾਰੀਆਂ ਨੂੰ ਡਾਕਟਰੀ ਸਲਾਹ, ਰੋਕਥਾਮੀ ਸਿਹਤ ਜਾਂਚ ਅਤੇ ਆਯੁਸ਼ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ। ਇਸ ਤੋਂ ਇਲਾਵਾ, 220 ਕਰਮਚਾਰੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦ ਲਾਭਪਾਤਰੀਆਂ ਨੂੰ 138 ਮੁਫ਼ਤ ਐਨਕਾਂ ਅਤੇ ਜ਼ਰੂਰੀ ਦਵਾਈਆਂ ਵੰਡੀਆਂ ਗਈਆਂ। ਟੈਂਕਰ ਅਤੇ ਟਰੱਕ ਚਾਲਕ ਦਲ ਲਈ ਨਿਯਮਿਤ ਸਿਹਤ ਅਤੇ ਨਜ਼ਰ ਦੀ ਜਾਂਚ ਵਿਸ਼ੇਸ਼ ਮਹੱਤਵ ਰੱਖਦੀ ਹੈ, ਕਿਉਂਕਿ ਤੰਦਰੁਸਤ ਸਰੀਰ ਅਤੇ ਸਾਫ਼ ਨਜ਼ਰ ਸੜਕ ਅਤੇ ਕਾਰਜਸਥਲ ’ਤੇ ਸੁਰੱਖਿਅਤ ਸੰਚਾਲਨ ਦੇ ਮਹੱਤਵਪੂਰਨ ਆਧਾਰ ਹਨ। ਸਮੇਂ ਸਿਰ ਸਿਹਤ ਜਾਂਚ ਸੰਭਾਵਿਤ ਸਿਹਤ ਸਮੱਸਿਆਵਾਂ ਦੀ ਪਛਾਣ ਵਿੱਚ ਮਦਦ ਕਰਦੀ ਹੈ, ਜਦਕਿ ਨਿਯਮਿਤ ਅੱਖਾਂ ਦੀ ਜਾਂਚ ਨਜ਼ਰ ਨਾਲ ਸਬੰਧਤ ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਅਤੇ ਉਨ੍ਹਾਂ ਦੇ ਹੱਲ ਵਿੱਚ ਸਹਾਇਕ ਹੁੰਦੀ ਹੈ। ਇਹ ਪਹਿਲ ਐਚਐਮਈਐੱਲ ਪਲਸ ਤਹਿਤ ਸੁਰੱਖਿਅਤ ਵਿਹਾਰ, ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਸੰਸਕ੍ਰਿਤੀ ਨੂੰ ਹੋਰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਹੈ। ਨਿਯਮਿਤ ਮਹੀਨਾਵਾਰ ਕੈਂਪਾਂ ਰਾਹੀਂ ਐਚਐਮਈਐਲ ਦਾ ਉਦੇਸ਼ ਪੈਟਰੋਲੀਅਮ ਉਤਪਾਦਾਂ ਦੇ ਸੁਰੱਖਿਅਤ ਸੰਚਾਲਨ ਦੇ ਨਾਲ-ਨਾਲ ਇਸ ਨਾਲ ਜੁੜੇ ਹਰ ਵਿਅਕਤੀ ਦੀ ਸਿਹਤ ਅਤੇ ਭਲਾਈ ਨੂੰ ਤਰਜੀਹ ਦੇਣਾ ਹੈ ਐਚਐਮਈਐਲ ਦੀ ਇਹ ਵਿਸ਼ੇਸ਼ ਮੁਹਿੰਮ ਇਸ ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ ਕਿ ਸੁਰੱਖਿਅਤ ਸੰਚਾਲਨ ਦੀ ਸ਼ੁਰੂਆਤ ਇੱਕ ਤੰਦਰੁਸਤ ਅਤੇ ਸਮਰੱਥ ਕਾਰਜਬਲ ਤੋਂ ਹੁੰਦੀ ਹੈ। ਸਿਹਤ ਅਤੇ ਅੱਖਾਂ ਦੀ ਜਾਂਚ ਵਰਗੀਆਂ ਰੋਕਥਾਮੀ ਪਹਿਲਕਦਮੀਆਂ ਨਾ ਸਿਰਫ਼ ਕਰਮਚਾਰੀਆਂ ਦੀ ਨਿੱਜੀ ਸਿਹਤ ਦੀ ਸੁਰੱਖਿਆ ਕਰਦੀਆਂ ਹਨ, ਸਗੋਂ ਪੈਟਰੋਲੀਅਮ ਉਤਪਾਦਾਂ ਦੀ ਸੁਰੱਖਿਅਤ ਆਵਾਜਾਈ ਅਤੇ ਸੰਚਾਲਨ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ।

**3 ਰੋਜ਼ਾ ਮੁਫ਼ਤ ਸਿਹਤ ਅਤੇ ਅੱਖਾਂ ਦੀ ਜਾਂਚ ਕੈਂਪ ਆਯੋਜਿਤ, 220 ਟੈਂਕਰ ਅਤੇ ਟਰੱਕ ਚਾਲਕਾਂ ਦੀ ਅੱਖਾਂ ਦੀ ਜਾਂਚ, 138 ਮੁਫ਼ਤ ਐਨਕਾਂ ਵੰਡੀਆਂ**

### ਅਕਾਲ ਯੂਨੀਵਰਸਿਟੀ ਵਿਖੇ ਆਜ਼ਾਦੀ ਦਿਹਾੜੇ ਨੂੰ ਸਮਰਪਿਤ

# ‘ਯੁਵਕ ਸ਼ਕਤੀ: ਵਿਰਾਸਤ ਤੋਂ ਵਿਕਾਸ ਤੱਕ’ ਵਿਸ਼ੇ ’ਤੇ ਕਰਵਾਇਆ ਭਾਸ਼ਣ ਮੁਕਾਬਲਾ






**ਤਲਵੰਡੀ ਸਾਬੋ, 18 ਅਗਸਤ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਲਿਬਰਲ ਆਰਟਸ ਵਿਭਾਗ ਅਤੇ ਐੱਨ. ਐੱਸ. ਐੱਸ. ਯੂਨਿਟ ਦੇ ਸਾਂਝੇ ਉੱਦਮ ਨਾਲ ਭਾਰਤ ਦੇ 80ਵੇਂ ਆਜ਼ਾਦੀ ਦਿਹਾੜੇ ਨੂੰ ਸਮਰਪਿਤ “ਯੁਵਕ ਸ਼ਕਤੀ: ਵਿਰਾਸਤ ਤੋਂ ਵਿਕਾਸ ਤੱਕ” ਸਿਰਲੇਖ ਹੇਠ ਇਕ ਵਿਸ਼ੇਸ਼ ਭਾਸ਼ਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਦਾ ਮੁੱਖ ਮਨੋਰਥ ਵਿਦਿਆਰਥੀਆਂ ਅੰਦਰ ਦੇਸ਼ ਭਗਤੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ, ਦੇਸ਼ ਦੇ ਮਹਾਨ ਵਿਰਸੇ ਤੋਂ ਜਾਣੂ ਕਰਵਾਉਣਾ ਅਤੇ ਸਾਲ 2047 ਦੇ ਵਿਕਸਤ ਭਾਰਤ ਦੇ ਸੰਕਲਪ ਵਿੱਚ ਨੌਜਵਾਨਾਂ ਦੀ ਭੂਮਿਕਾ ਨੂੰ ਉਜਾਗਰ ਕਰਨਾ ਸੀ। ਸਮਾਗਮ ਦੀ ਸ਼ੁਰੂਆਤ ਪ੍ਰੋਗਰਾਮ ਕੋਆਰਡੀਨੇਟਰ ਸ. ਆਕਾਸ਼ਬੀਰ ਸਿੰਘ ਦੇ ਉਦਘਾਟਨੀ ਭਾਸ਼ਣ ਨਾਲ ਹੋਈ। ਉਨ੍ਹਾਂ ਆਪਣੇ ਸੰਬੋਧਨ ਦੌਰਾਨ ਆਜ਼ਾਦੀ ਦਿਹਾੜੇ ਦੀ ਇਤਿਹਾਸਕ ਮਹੱਤਤਾ ’ਤੇ ਚਾਨਣਾ ਪਾਉਂਦਿਆਂ ਆਖਿਆ ਕਿ ਦੇਸ਼ ਦੇ ਨਿਰਮਾਣ ਅਤੇ ਉੱਨਤੀ ਵਿੱਚ ਨੌਜਵਾਨ ਵਰਗ ਸਭ ਤੋਂ ਅਹਿਮ ਧੁਰਾ ਹੈ। ਇਸ ਭਾਸ਼ਣ ਮੁਕਾਬਲੇ ਵਿੱਚ ਚੁਣੇ ਗਏ 10 ਵਿਦਿਆਰਥੀਆਂ ਨੇ ਪ੍ਰਭਾਵਸ਼ਾਲੀ ਢੰਗ ਨਾਲ ਆਪਣੇ ਵਿਚਾਰ ਪੇਸ਼ ਕੀਤੇ। ਵਕਤਿਆਂ ਨੇ ‘ਭਾਰਤ ਦੀ ਪ੍ਰਗਤੀ ਵਿੱਚ ਨੌਜਵਾਨਾਂ ਦਾ ਯੋਗਦਾਨ’ ਅਤੇ ‘ਆਜ਼ਾਦ ਭਾਰਤ ਦੇ ਨਾਗਰਿਕਾਂ ਦੀਆਂ ਜ਼ਿੰਮੇਵਾਰੀਆਂ ਅਤੇ 2047 ਦਾ ਵਿਜ਼ਨ’ ਵਰਗੇ ਅਹਿਮ ਵਿਸ਼ਿਆਂ ’ਤੇ ਆਪਣੇ ਵਿਚਾਰ ਬੜੇ ਹੀ ਉਤਸ਼ਾਹ, ਸਪੱਸ਼ਟਤਾ ਅਤੇ ਦੇਸ਼ ਭਗਤੀ ਦੇ ਜਜ਼ਬੇ ਨਾਲ ਰੱਖੇ। ਸਮਾਗਮ ਦੇ ਅੰਤ ਵਿੱਚ ਲਿਬਰਲ ਆਰਟਸ ਵਿਭਾਗ ਦੇ ਮੁਖੀ ਡਾ. ਗੁਰਟੇਕ ਸਿੰਘ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਦੇ ਵਿਚਾਰਾਂ ਦੀ ਸ਼ਲਾਘਾ ਕੀਤੀ ਅਤੇ ਦੇਸ਼ ਪ੍ਰਤੀ ਨੈਤਿਕ ਫਰਜ਼ਾਂ ਦੀ ਪਾਲਣਾ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਆਏ ਹੋਏ ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ਅਤੇ ਭਾਗ ਲੈਣ ਵਾਲੇ ਵਕਤਿਆਂ ਨੂੰ ਪ੍ਰਸ਼ੰਸਾ ਪੱਤਰ ਵੰਡੇ। ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਪ੍ਰੋਗਰਾਮ ਕੋਆਰਡੀਨੇਟਰ ਡਾ. ਸੁਖਦਰਸ਼ਨ ਸਿੰਘ, ਮਿਸ ਮਨਪ੍ਰੀਤ ਕੌਰ ਅਤੇ ਮਿਸ ਅੰਮ੍ਰਿਤਪਾਲ ਕੌਰ ਦੇ ਨਾਲ-ਨਾਲ ਐੱਨ. ਐੱਸ. ਐੱਸ. ਵਲੰਟੀਅਰਾਂ ਦਾ ਅਹਿਮ ਯੋਗਦਾਨ ਰਿਹਾ। ਸਮਾਗਮ ਵਿੱਚ 170 ਦੇ ਕਰੀਬ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਸ਼ਿਰਕਤ ਕਰਕੇ ਪ੍ਰੋਗਰਾਮ ਨੂੰ ਯਾਦਗਾਰੀ ਬਣਾਇਆ।

# ਜਨਮ ਦਿਨ ਦੀਆਂ ਖੁਸ਼ੀਆਂ ਪਿੰਗਲਵਾੜਾ ਵਿਖੇ ਸਾਂਝੀਆਂ ਕਰ ਕੇ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ 51 ਹਜ਼ਾਰ ਦੀ ਮਾਲੀ ਸਹਾਇਤਾ ਭੇਟ



ਸੰਗਰੂਰ ( ਰਣਜੀਤ ਸਿੰਘ ਪੇਧਨੀ )-ਵਿਧਾਨ ਸਭਾ ਹਲਕਾ ਸੰਗਰੂਰ ਤੋਂ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਜਨਮ ਦਿਨ ਦੀਆਂ ਖੁਸ਼ੀਆਂ ਪਿੰਗਲਵਾੜਾ ਸੰਗਰੂਰ ਵਿਖੇ ਰਹਿੰਦੇ ਸਾਥੀਆਂ ਨਾਲ ਸਾਂਝੀਆਂ ਕੀਤੀਆਂ। ਇਸ ਮੌਕੇ ਉਨ੍ਹਾਂ ਪਿੰਗਲਵਾੜਾ ਵਿਖੇ ਰਹਿੰਦੇ ਸਾਥੀਆਂ ਨਾਲ ਕੇਕ ਕੱਟਿਆ ਅਤੇ ਉਨ੍ਹਾਂ ਨਾਲ ਆਪਣੇਪਣ ਤੇ ਸਨੇਹ ਦੇ ਕੁਝ ਪਲ ਬਿਤਾਏ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਪਿੰਗਲਵਾੜਾ ਵੱਲੋਂ ਮਨੁੱਖਤਾ ਦੀ ਸੇਵਾ ਲਈ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਆਪਣਾ ਯੋਗਦਾਨ ਪਾਉਂਦਿਆਂ ਆਪਣੀ ਤਨਖਾਹ ਵਿੱਚੋਂ 51,000 ਦੀ ਸਹਾਇਤਾ ਰਾਸ਼ੀ ਭੇਟ ਕੀਤੀ ਗਈ। ਇਸ ਦੇ ਨਾਲ ਹੀ ਪਿੰਗਲਵਾੜਾ ਦੇ ਸਾਥੀਆਂ ਲਈ ਲੋੜੀਂਦੀ ਰਾਸ਼ਨ ਸਮੱਗਰੀ ਵੀ ਮੁਹੱਈਆ ਕਰਵਾਈ ਗਈ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਉਨ੍ਹਾਂ ਲਈ ਜਨਮ ਦਿਨ ਦੀ ਅਸਲ ਖੁਸ਼ੀ ਆਪਣੇ ਪਰਿਵਾਰ ਅਤੇ ਦੋਸਤਾਂ ਤਕ ਸੀਮਤ ਰਹਿਣ ਦੀ ਬਜਾਏ ਉਨ੍ਹਾਂ ਲੋਕਾਂ ਨਾਲ ਖੁਸ਼ੀਆਂ ਸਾਂਝੀਆਂ ਕਰਨ ਵਿੱਚ ਹੈ, ਜਿਨ੍ਹਾਂ ਨੂੰ ਪਿਆਰ, ਸਨੇਹ ਅਤੇ ਆਪਣੇਪਣ ਦੀ ਸਭ ਤੋਂ ਵੱਧ ਲੋੜ ਹੈ। ਉਨ੍ਹਾਂ ਕਿਹਾ ਕਿ ਪਿੰਗਲਵਾੜਾ ਵਿਖੇ ਰਹਿੰਦੇ ਸਾਥੀਆਂ ਨਾਲ ਹਰ ਸਾਲ ਜਨਮ ਦਿਨ ਮਨਾਉਣਾ ਉਨ੍ਹਾਂ ਲਈ ਸਿਰਫ਼ ਇੱਕ ਰਸਮ ਨਹੀਂ, ਸਗੋਂ ਮਨੁੱਖਤਾ ਅਤੇ ਸਾਂਝੀਵਾਲਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣ ਦਾ ਇੱਕ ਛੋਟਾ ਜਿਹਾ ਯਤਨ ਹੈ। ਉਨ੍ਹਾਂ ਕਿਹਾ, “ਮੇਰੇ ਲਈ ਜਨਮ ਦਿਨ ਦੀ ਅਸਲ ਖੁਸ਼ੀ ਹਮੇਸ਼ਾ ਇਨ੍ਹਾਂ ਸਾਥੀਆਂ ਨਾਲ ਆਪਣੀਆਂ ਖੁਸ਼ੀਆਂ ਸਾਂਝੀਆਂ ਕਰਨ ਵਿੱਚ ਹੀ ਰਹੀ ਹੈ। ਇਨ੍ਹਾਂ ਦੇ ਚਿਹਰਿਆਂ ’ਤੇ ਆਉਣ ਵਾਲੀ ਮੁਸਕਰਾਹਟ ਮਨ ਨੂੰ ਜੋ ਸਕੂਨ ਦਿੰਦੀ ਹੈ, ਉਹ ਮੇਰੇ ਲਈ ਕਿਸੇ ਵੀ ਤੋਹਫ਼ੇ ਤੋਂ ਕਿਤੇ ਵੱਧ ਕੀਮਤੀ ਹੈ। ਜਦੋਂ ਸਾਡੀਆਂ ਖੁਸ਼ੀਆਂ ਕਿਸੇ ਲੋੜਵੰਦ ਜਾਂ ਬੇਸਹਾਰਾ ਵਿਅਕਤੀ ਦੇ ਚਿਹਰੇ ’ਤੇ ਮੁਸਕਰਾਹਟ ਲਿਆਉਣ ਦਾ ਕਾਰਨ ਬਣਦੀਆਂ ਹਨ ਤਾਂ ਉਸ ਤੋਂ ਵੱਡੀ ਖੁਸ਼ੀ ਹੋਰ ਕੋਈ ਨਹੀਂ ਹੋ ਸਕਦੀ।” ਵਿਧਾਇਕ ਭਰਾਜ ਨੇ ਕਿਹਾ ਕਿ ਪਿੰਗਲਵਾੜਾ ਸੰਸਥਾ ਵੱਲੋਂ ਲੰਮੇ ਸਮੇਂ ਤੋਂ ਬੇਸਹਾਰਾ, ਲੋੜਵੰਦ ਅਤੇ ਸਮਾਜ ਦੇ ਹਾਸ਼ੀਏ ’ਤੇ ਰਹਿੰਦੇ ਲੋਕਾਂ ਦੀ ਸੇਵਾ ਲਈ ਕੀਤੇ ਜਾ ਰਹੇ ਕਾਰਜ ਮਨੁੱਖਤਾ ਲਈ ਇੱਕ ਵੱਡੀ ਮਿਸਾਲ ਹਨ। ਉਨ੍ਹਾਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਅਤੇ ਸੇਵਾ ਕਾਰਜਾਂ ਨੂੰ ਸਮਾਜ ਦੇ ਹਰ ਵਰਗ ਵੱਲੋਂ ਆਪਣੀ ਸਮਰੱਥਾ ਅਨੁਸਾਰ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਆਪਣੇ ਪਰਿਵਾਰਕ ਸਮਾਗਮਾਂ, ਜਨਮ ਦਿਨਾਂ ਅਤੇ ਹੋਰ ਖੁਸ਼ੀ ਦੇ ਮੌਕਿਆਂ ਨੂੰ ਲੋੜਵੰਦਾਂ ਨਾਲ ਸਾਂਝਾ ਕਰਕੇ ਮਨਾਉਣ ਦੀ ਪਰੰਪਰਾ ਨੂੰ ਹੋਰ ਮਜ਼ਬੂਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮਾਜ ਦੀ ਅਸਲ ਤਰੱਕੀ ਉਸ ਸਮੇਂ ਹੁੰਦੀ ਹੈ ਜਦੋਂ ਅਸੀਂ ਆਪਣੀਆਂ ਖੁਸ਼ੀਆਂ ਦੇ ਨਾਲ-ਨਾਲ ਦੂਜਿਆਂ ਦੇ ਦੁੱਖ-ਸੁੱਖ ਨੂੰ ਵੀ ਆਪਣਾ ਸਮਝਦੇ ਹਾਂ। ਉਨ੍ਹਾਂ ਅੰਤ ਵਿੱਚ ਅਰਦਾਸ ਕੀਤੀ ਕਿ ਵਾਹਿਗੁਰੂ ਹਮੇਸ਼ਾ ਮਨੁੱਖਤਾ ਦੀ ਸੇਵਾ ਕਰਨ, ਲੋੜਵੰਦਾਂ ਦੀ ਮਦਦ ਕਰਨ ਅਤੇ ਲੋਕਾਂ ਦੇ ਦੁੱਖ-ਸੁੱਖ ਵਿੱਚ ਸਾਥ ਨਿਭਾਉਣ ਦਾ ਬਲ ਬਖ਼ਸ਼ਦੇ ਰਹਿਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਹ ਸਮਾਜ ਦੇ ਲੋੜਵੰਦ ਵਰਗਾਂ ਦੀ ਭਲਾਈ ਲਈ ਆਪਣੀ ਸਮਰੱਥਾ ਅਨੁਸਾਰ ਯੋਗਦਾਨ ਪਾਉਂਦੇ ਰਹਿਣਗੇ। ਇਸ ਮੌਕੇ ਲਖਵਿੰਦਰ ਸਿੰਘ, ਪੰਕਜ ਗਰਗ, ਸੁਖਵਿੰਦਰ ਮਾਨ, ਅਮਰਦੀਪ ਸਿੰਘ, ਵਿਕਰਮ ਨਕਟੇ, ਵਿਕੀ ਐੱਮ.ਸੀ., ਜਗਜੀਤ ਐੱਮ.ਸੀ., ਬਿੰਦਰ ਖਹਿਰਾ, ਸੁਖਮਨ ਸਿੰਘ, ਅਮਨ ਗਰਗ, ਚਮਕੌਰ ਖੇੜੀ ਚੰਦਵਾ, ਤੇਜਵਿੰਦਰ ਸਿੰਘ, ਜਸਪ੍ਰੀਤ ਘਾਬਦਾਂ, ਮਨਿੰਦਰ ਸਿੰਘ, ਕੁਲਵਿੰਦਰ ਸਿੰਘ ਹਾਜ਼ਰ ਸਨ।

## ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਨਵ ਨਿਯੁਕਤ ਆਗੂਆਂ ਨੂੰ ਦਿੱਤੀ ਮੁਬਾਰਕਵਾਦ



ਧੂਰੀ ( ਰਣਜੀਤ ਸਿੰਘ ਪੇਧਨੀ )-ਭਾਰਤੀ ਜਨਤਾ ਪਾਰਟੀ ਦੇ ਕੌਮੀ ਪ੍ਰਧਾਨ ਸ੍ਰੀ ਨਿਤਿਨ ਜੀ ਵੱਲੋਂ ਆਪਣੀ ਨਵੀਂ ਐਲਾਨੀ ਟੀਮ ਦੇ ਵਿੱਚ ਡਾਕਟਰ ਸਤੀਸ਼ ਪੂਨੀਆ ਨੂੰ ਪੰਜਾਬ ਪ੍ਰਭਾਰੀ ਅਤੇ ਕੌਮੀ ਮਹਾਮੰਤਰੀ ਲਗਾਉਣ ਤੇ ਬਹੁਤ ਬਹੁਤ ਧੰਨਵਾਦ ਅਤੇ ਸ਼੍ਰੀ ਤਰੁਣ ਚੁੱਘ ਨੂੰ ਕੌਮੀ ਦਫਤਰ ਪ੍ਰਭਾਰੀ ਅਤੇ ਗੁਜਰਾਤ ਪ੍ਰਭਾਰੀ ਅਤੇ ਮਨਪ੍ਰੀਤ ਸਿੰਘ ਬਾਦਲ ਨੂੰ ਕੌਮੀ ਮੀਤ ਪ੍ਰਧਾਨ ,ਸ਼੍ਰੀ ਸੰਦੀਪ ਪਾਠਕ ਨੂੰ ਕੌਮੀ ਮੰਤਰੀ ਲੱਗਣ ’ਤੇ ਮੁਬਾਰਕਵਾਦ ਦਿੰਦਿਆਂ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਕ੍ਰਿਸਨ ਗੋਪਾਲ ਨੀਲੂ ਮਿੱਤਲ ਨੇ ਕਿਹਾ ਕਿਦੀ ਨਿਯੁਕਤੀ ਦੇ ਨਾਲ ਜਿੱਥੇ ਭਾਰਤੀ ਜਨਤਾ ਪਾਰਟੀ ਦੇ ਵਰਕਰਾਂ ਉਹਦੇ ਦਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ ਉੱਥੇ ਹੀ ਪੰਜਾਬ ਤੋਂ ਚੁਣੇ ਗਏ ਨਾਵਲ ਜੋਤ ਅਹੁਦੇਦਾਰਾਂ ਦੇ ਨਾਲ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਦੇ ਹੱਕ ਵਿੱਚ ਪੰਜਾਬ ਦੇ ਲੋਕ ਵੱਡਾ ਫਤਵਾ ਦੇਣਗੇ ਜਿਸ ਦੇ ਨਾਲ ਨਰੋਲ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਚ ਹੋਏ ਵੱਡੇ ਸੁਧਾਰ: ਹਰਭਜਨ ਸਿੰਘ ਈ.ਟੀ.ਓ.

# ਹਲਕੇ ਦੇ ਸਰਕਾਰੀ ਸਕੂਲਾਂ ਦਾ ਸ੍ਰ ਈ.ਟੀ.ਓ ਨੇ ਕੀਤਾ ਦੌਰਾ







ਜੰਡਿਆਲਾ ਗੁਰੂ 18 ਅਗਸਤ (ਕੁਲਵੰਤ ਸਿੰਘ ਵਿਰਦੀ) – ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਜੰਡਿਆਲਾ ਗੁਰੂ ਵਿਧਾਨ ਸਭਾ ਹਲਕੇ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਜੰਡਿਆਲਾ ਗੁਰੂ, ਸਰਕਾਰੀ ਹਾਈ ਸਕੂਲ ਟਾਂਗਰਾ ਅਤੇ ਸਰਕਾਰੀ ਹਾਈ ਸਕੂਲ ਮੇਹਰਬਾਨਪੁਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਸਕੂਲਾਂ ਵਿੱਚ ਅਧਿਆਪਕਾਂ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਸਕੂਲਾਂ ਦੀ ਕਾਰਗੁਜ਼ਾਰੀ ਸਬੰਧੀ ਗੱਲਬਾਤ ਕੀਤੀ ਅਤੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਰਾਹੀਂ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਵਿੱਚ ਕ੍ਰਾਂਤੀਕਾਰੀ ਸੁਧਾਰ ਕੀਤੇ ਗਏ ਹਨ, ਜਿਸ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਵਿੱਚ ਵੱਡਾ ਬਦਲਾਅ ਆਇਆ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੇ ਕੇਰਲ ਨੂੰ ਵੀ ਪਛਾੜ ਕੇ ਦੇਸ਼ ਦਾ ਪਹਿਲਾ ਸੂਬਾ ਬਣਨ ਦਾ ਮਾਣ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਉਪਲਬਧੀ ਮਿਹਨਤੀ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਅਧਿਆਪਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਨੂੰ ਸਿਰਫ਼ ਪੜ੍ਹਾਈ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਉਨ੍ਹਾਂ ਨੂੰ ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਸਿੱਖਿਆ ਦੇ ਨਾਲ-ਨਾਲ ਖੇਡਾਂ ਅਤੇ ਹੋਰ ਗਤੀਵਿਧੀਆਂ ਵੀ ਬਹੁਤ ਮਹੱਤਵਪੂਰਨ ਹਨ।ਇਸ ਮੌਕੇ ਲੋਕ ਨਿਰਮਾਣ ਮੰਤਰੀ ਨੇ ਵਿਦਿਆਰਥੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਤੋਂ ਪੜ੍ਹਾਈ, ਸਕੂਲ ਵਿੱਚ ਉਪਲਬਧ ਸਹੂਲਤਾਂ ਅਤੇ ਹੋਰ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਦੇ ਨਾਲ-ਨਾਲ ਆਪਣੇ ਅੰਦਰ ਆਤਮ-ਵਿਸ਼ਵਾਸ ਪੈਦਾ ਕਰਨ ਅਤੇ ਆਪਣੀਆਂ ਰੁਚੀਆਂ ਅਨੁਸਾਰ ਖੇਡਾਂ ਤੇ ਹੋਰ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ।ਸ. ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਉਨ੍ਹਾਂ ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਸਾਰੇ ਸਰਕਾਰੀ ਸਕੂਲਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਵਿਸ਼ੇਸ਼ ਤਵੱਜੋ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਲੋੜੀਂਦੇ ਬੁਨਿਆਦੀ ਢਾਂਚੇ ਅਤੇ ਸਹੂਲਤਾਂ ਵਿੱਚ ਲਗਾਤਾਰ ਸੁਧਾਰ ਕੀਤਾ ਜਾ ਰਿਹਾ ਹੈ, ਜਿਸ ਨਾਲ ਹਲਕੇ ਦੇ ਸਕੂਲ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਅਤੇ ਸੁਵਿਧਾਵਾਂ ਪ੍ਰਦਾਨ ਕਰਨ ਦੇ ਸਮਰੱਥ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਹਰ ਬੱਚੇ ਨੂੰ ਮਿਆਰੀ ਸਿੱਖਿਆ ਲਈ ਬਿਹਤਰ ਮੌਕੇ ਪ੍ਰਦਾਨ ਕਰਨਾ ਹੈ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਕੇ ਵਿਦਿਆਰਥੀਆਂ ਨੂੰ ਇੱਕ ਸੁਚੱਜਾ ਅਤੇ ਵਧੀਆ ਸਿੱਖਿਆ ਮਾਹੌਲ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਅਧਿਆਪਕਾਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਅਤੇ ਸਮਰਪਣ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅਧਿਆਪਕਾਂ ਦੀ ਮਿਹਨਤ ਨਾਲ ਹੀ ਵਿਦਿਆਰਥੀਆਂ ਦਾ ਭਵਿੱਖ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।

### ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਪੜ੍ਹਾਈ ਤੇ ਹੋਰ ਗਤੀਵਿਧੀਆਂ ਸਬੰਧੀ ਕੀਤੀ ਗੱਲਬਾਤ

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਜਿੰਪਾ ਨੇ ਤਿੰਨ ਬੱਸਾਂ ਨੂੰ ਕੀਤਾ ਰਵਾਨਾ



**ਹੁਸ਼ਿਆਰਪੁਰ, 18 ਅਗਸਤ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸੋਮਵਾਰ ਸ਼ਾਮ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਹੁਸ਼ਿਆਰਪੁਰ ਦੇ ਵੱਖ-ਵੱਖ ਖੇਤਰਾਂ ਤੋਂ ਸ਼ਰਧਾਲੂਆਂ ਨੂੰ ਸ੍ਰੀ ਖਾਟੂ ਸ਼ਿਆਮ-ਸਾਲਾਸਰ ਬਾਲਾਜੀ, ਹਰਿਦੁਆਰ-ਰਿਸ਼ੀਕੇਸ਼ ਅਤੇ ਮਥੁਰਾ-ਵ੍ਰਿੰਦਾਵਨ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀਆਂ ਤਿੰਨ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਵਿਧਾਇਕ ਜਿੰਪਾ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਲਗਾਤਾਰ ਸਹੂਲਤਾਂ ਮੁਹੱਈਆ ਕਰਵਾ ਰਹੀ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਹੁਣ ਤੱਕ ਪੰਜਾਬ ਦੇ ਕਰੀਬ 4 ਲੱਖ ਬਜ਼ੁਰਗ ਇਸ ਯੋਜਨਾ ਰਾਹੀਂ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਹੁਸ਼ਿਆਰਪੁਰ ਤੋਂ ਤੀਰਥ ਯਾਤਰਾ ਦੇ ਨਵੇਂ ਰੂਟਾਂ ਦੀ ਸ਼ੁਰੂਆਤ ਕੀਤੀ ਸੀ, ਜਿਸ ਤਹਿਤ ਹੁਣ ਸ਼ਰਧਾਲੂਆਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 50 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਸ਼ਰਧਾਲੂ ਇਸ ਯਾਤਰਾ ਦਾ ਲਾਭ ਲੈ ਸਕਦੇ ਹਨ। ਸਰਕਾਰ ਵੱਲੋਂ ਯਾਤਰੀਆਂ ਲਈ ਏ.ਸੀ. ਸਲੀਪਰ ਬੱਸਾਂ ਵਿੱਚ ਯਾਤਰਾ, ਠਹਿਰਨ ਅਤੇ ਖਾਣ-ਪੀਣ ਦਾ ਪ੍ਰਬੰਧ ਪੂਰੀ ਤਰ੍ਹਾਂ ਮੁਫ਼ਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਬਜ਼ੁਰਗਾਂ ਅਤੇ ਸ਼ਰਧਾਲੂਆਂ ਨੂੰ ਆਰਥਿਕ ਬੋਝ ਤੋਂ ਬਿਨਾਂ ਆਪਣੇ ਧਾਰਮਿਕ ਵਿਸ਼ਵਾਸ ਨਾਲ ਜੁੜੇ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਵੀ ਹੁਸ਼ਿਆਰਪੁਰ ਤੋਂ ਹਜ਼ਾਰਾਂ ਸ਼ਰਧਾਲੂਆਂ ਨੂੰ ਮਾਤਾ ਚਿੰਤਪੁਰਨੀ ਜੀ, ਨੈਣਾ ਦੇਵੀ, ਸ੍ਰੀ ਆਨੰਦਪੁਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ ਸਮੇਤ ਵੱਖ-ਵੱਖ ਧਾਰਮਿਕ ਸਥਾਨਾਂ ਦੀ ਯਾਤਰਾ ਕਰਵਾਈ ਜਾ ਚੁੱਕੀ ਹੈ। ਉਨ੍ਹਾਂ ਬੱਸਾਂ ਵਿੱਚ ਜਾ ਕੇ ਯਾਤਰੀਆਂ ਲਈ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਸ਼ਰਧਾਲੂਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਚੇਅਰਮੈਨ ਹੁਸ਼ਿਆਰਪੁਰ ਸਹਿਕਾਰੀ ਬੈਂਕ ਵਿਕਰਮ ਸ਼ਰਮਾ, ਕੌਂਸਲਰ ਪ੍ਰਦੀਪ ਬਿੱਟੂ, ਮਲਕੀਤ ਸਿੰਘ, ਕੌਂਸਲਰ ਨੀਲਮ ਰਾਣੀ, ਕੌਂਸਲਰ ਅੰਜਨਾ ਬੁਰਮੀ, ਜੋਗਿੰਦਰ ਰਾਜਾ, ਸਾਬਕਾ ਕੌਂਸਲਰ ਸੁਦਰਸ਼ਨ ਧੀਰ, ਕੌਂਸਲਰ ਅਜੇ ਵਰਮਾ, ਕੌਂਸਲਰ ਬਲਜੀਤ ਕੌਰ, ਭੁਪਿੰਦਰ ਸਿੰਘ, ਰਾਕੇਸ਼ ਕੁਮਾਰ ਕਾਲੀਆ, ਰਾਜੂ ਬੁਰਮੀ, ਪ੍ਰਮੋਦ ਸ਼ਰਮਾ, ਧਿਆਨ ਚੰਦ ਧਿਆਣਾ, ਕੌਂਸਲਰ ਕੁਲਵਿੰਦਰ ਸਿੰਘ ਹੁੰਦਲ, ਹਰਵਿੰਦਰ ਹੈਰੀ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਜਨਤਕ ਜਥੇਬੰਦੀਆਂ ਵੱਲੋਂ ਪੁਲਿਸ ਅਤੇ ਸਰਕਾਰ ਦੀਆਂ ਧੱਕੇਸ਼ਾਹੀਆ ਵਿਰੁੱਧ ਸ਼ਹਿਰ ਵਿੱਚ ਮਾਰਚ ਕੀਤਾ ਗਿਆ



ਗੜ੍ਹਸ਼ੰਕਰ, ਹੁਸ਼ਿਆਰਪੁਰ, 18 ਅਗਸਤ (ਆਵਾਜ਼ਿ ਕੌਮ ਬਿਊਰੋ)– ਇੱਥੇ ਜਨਤਕ ਜਥੇਬੰਦੀਆਂ ਵਲੋਂ ਪੁਲਿਸ ਅਤੇ ਸਰਕਾਰ ਦੀਆਂ ਧੱਕੇਸ਼ਾਹੀਆ ਵਿਰੁੱਧ ਡੀ ਐਸ ਪੀ ਦਫਤਰ ਅੱਗੇ ਰੋਹ ਭਰਪੂਰ ਰੈਲੀ ਅਤੇ ਸ਼ਹਿਰ ਵਿਚ ਮਾਰਚ ਕੀਤਾ ਗਿਆ। ਇਸ ਦੀ ਪ੍ਰਧਾਨਗੀ ਗੁਰਨੇਕ ਸਿੰਘ ਭੱਜਲ, ਮਹਿੰਦਰ ਕੁਮਾਰ ਬੱਡੋਆਣ, ਸੁਭਾਸ਼ ਮੱਟੂ, ਗੁਰਬਖ਼ਸ਼ ਕੋਰ ਚੱਕ ਗੁਰੂ, ਜੋਗਿੰਦਰ ਕੌਰ, ਕੁਲਵਿੰਦਰ ਸਿੰਘ ਸੰਘਾ ਨੇ ਕੀਤੀ। ਇਸ ਮੌਕੇ ਗੁਰਨੇਕ ਸਿੰਘ ਭੱਜਲ, ਮਹਿੰਦਰ ਕੁਮਾਰ ਬੱਡੋਆਣ, ਦਰਸ਼ਨ ਸਿੰਘ ਮੱਟੂ, ਰਵਿੰਦਰ ਕੁਮਾਰ ਨੀਟਾ, ਸੁਭਾਸ਼ ਮੱਟੂ, ਕੁਲਵਿੰਦਰ ਸਿੰਘ ਸੰਘਾ, ਨੀਲਮ ਬੱਡੋਆਣ, ਕਾਂਗਰਸ ਵਲੋਂ ਹਰਵਿੰਦਰ ਸਿੰਘ ਸਿੰਘ ਸੈਣੀ, ਜਸਵੀਰ ਸਿੰਘ ਜੱਟ ਸਭਾ ਦੇ ਪੰਜਾਬ ਦੇ ਪ੍ਰਧਾਨ ਅਜੈਬ ਸਿੰਘ ਬੋਪਾਰਾਏ, ਕੁਲਭੂਸ਼ਨ ਮਹਿਦਵਾਣੀ ਨੇ ਸਬੋਧਨ ਕਰਦੇ ਹੋਏ ਕਿਹਾ ਕਿ ਇੱਥੋਂ ਦਾ ਡਿਪਟੀ ਸਪੀਕਰ ਜਿਸ ਨੇ ਸਾਰੇ ਮਹਿਕਮੇ ਅੱਪਣੇ ਲੱਕ ਨਾਲ ਬੰਨ੍ਹ ਲਏ ਹਨ ਕੋਈ ਵੀ ਕੰਮ ਕਿਸੇ ਵੀ ਮਹਿਕਮੇ ਦਾ ਡਿਪਟੀ ਸਪੀਕਰ ਤੋਂ ਬਗੈਰ ਨਹੀਂ ਹੋ ਰਿਹਾ। ਟਿੱਪਰਾਂ ਦਾ ਸਮਾਂ ਜ਼ਿਲੇ ਦੇ ਡਿਪਟੀ ਕਮਿਸ਼ਨਰ ਵਲੋਂ ਤਹਿ ਕੀਤਾ ਗਿਆ ਉਸ ਨੂੰ ਵੀ ਲਾਗੂ ਨਹੀਂ ਕੀਤਾ ਜਾ ਰਿਹਾ। ਮੰਤਰੀ ਨੂੰ ਸਵਾਲ ਪੁੱਛਣ ਤੇ ਵੀ ਮੰਤਰੀ ਵਲੋਂ ਤੈਸ਼ ਵਿੱਚ ਆ ਕੇ ਸਵਾਲ ਪੁੱਛਣ ਵਾਲੇ ਨੂੰ ਗੱਡੀ ਵਿੱਚ ਸੁਟਣਾ ਅਤੇ ਪੁਲਿਸ ਵੱਲੋਂ ਲੱਗੇ ਕੈਮਰੇ ਪੁਲਿਸ ਕੋਲੋਂ ਪੁਟਵਾਣਾ ਇਹ ਮੰਤਰੀ ਦੀ ਹਿਟਲਰ ਸ਼ਾਹੀ ਹੈ ਜਮਹੂਰੀਅਤ ਦਾ ਕਤਲ ਹੈਂ। ਆਗੂਆਂ ਨੇ ਅੱਗੇ ਕਿਹਾ ਇਸ ਰਾਜ ਅੰਦਰ ਨਸ਼ਾ ਗੈਰ ਕਾਨੂੰਨੀ ਮਾਇਨਿਗ ਭ੍ਰਿਸ਼ਟਾਚਾਰ ਲਗਾਤਾਰ ਵਧ ਰਿਹਾ ਹੈ। ਇਸ ਸਰਕਾਰ ਵਲੋਂ ਲਗਾਤਾਰ ਵੋਟਾਂ ਤੋਂ ਪਹਿਲਾਂ ਧੂਆਤਾਰ ਪ੍ਰਚਾਰ ਕੀਤਾ ਗਿਆ ਕਿ ਅਸੀਂ ਹੂਟਰ ਕਲਚਰ ਗੰਨਮੈਨਾਂ ਦੀਆਂ ਭੀੜਾਂ ਨੂੰ ਬੰਦ ਕੀਤਾ ਜਾਵੇਗਾ ਪਰ ਹੋਇਆ ਇਸ ਦੇ ਉਲਟ। ਹੂਟਰ ਕਲਚਰ ਗੰਨਮੈਨਾਂ ਦੀਆਂ ਭੀੜਾਂ ਅੱਪਣੇ ਪਰਿਵਾਰਾਂ ਸੁਮੇਤ ਹਜ਼ਾਰਾਂ ਹੀ ਲਏ ਹੋਏ ਹਨ ਸੜਕਾਂ ਤੇ ਇਹਨਾਂ ਮੰਤਰੀਆਂ ਦੀਆਂ ਗੱਡੀਆਂ ਦੇ ਹੂਟਰ ਲੋਕਾਂ ਨੂੰ ਪ੍ਰੇਸ਼ਾਨ ਕਰ ਕਰ ਰਹੇ ਹਨ। ਆਗੂਆਂ ਨੇ ਮੰਗ ਕੀਤੀ ਗੈਰ ਕਾਨੂੰਨੀ ਮਾਇਨਿਗ ਬੰਦ ਕੀਤੀ ਜਾਵੇ, ਟਿੱਪਰਾਂ ਦਾ ਸਮਾਂ ਡਿਪਟੀ ਕਮਿਸ਼ਨਰ ਦੇ ਹੁਕਮਾਂ ਮੁਤਾਬਕ ਲਾਗੂ ਕੀਤਾ ਜਾਵੇ, ਲੋਕਾਂ ਤੇ ਬਣੇ ਝੂਠੇ ਮੁੱਕਦਮੇ ਵਾਪਸ ਲਏ ਜਾਣ, ਸਿਲੰਡਰ ਚੋਰਾਂ ਤੇ ਕਾਰਵਾਈ ਕੀਤੀ ਜਾਵੇ, ਡਿਪਟੀ ਸਪੀਕਰ ਦੀ ਧੱਕੇਸ਼ਾਹੀ ਮਹਿਕਮਿਆਂ ਦਾ ਰਾਜਸੀ ਕਰਨ ਬੰਦ ਕੀਤਾ ਜਾਵੇ, ਇਸ ਮੌਕੇ ਡੀ ਐਸ ਪੀ ਗੜ੍ਹਸ਼ੰਕਰ ਨੇ ਮੋਕੇ ਤੇ ਆ ਕੇ ਭਰੋਸਾ ਦਿੱਤਾ ਕਿ ਸਾਰੇ ਮਸਲਿਆਂ ਦਾ ਹੱਲ ਬੈਠ ਕੇ ਕੀਤਾ ਜਾਵੇਗਾ। ਸਟੇਜ ਦੀ ਕਾਰਵਾਈ ਚੋਧਰੀ ਅੱਛਰ ਸਿੰਘ ਨੇ ਬਾ ਖ਼ੂਬੀ ਨਿਭਾਈ ਆਗੂਆਂ ਨੇ ਕਿਹਾ ਜੇ ਇਹ ਮਸਲੇ ਹੱਲ ਨਾ ਹੋਏ ਸੰਘਰਸ਼ ਹੋਰ ਵੀ ਤਿੱਖਾ ਹੋਵੇਗਾ। ਇਸ ਮੋਕੇ ਮੋਹਨ ਲਾਲ ਵੀਨੇਵਾਲ, ਗੁਰਧਾਰੀ ਲਾਲ, ਸੁਰਿੰਦਰ ਕੌਰ ਚੂੰਬਰ, ਸੁਖਵਿੰਦਰ ਕੌਰ, ਪ੍ਰੇਮ ਰਾਣਾ, ਪਰੇਮੀ, ਬਲਦੇਵ ਰਾਜ ਨੇ ਵੀ ਸੰਬੋਧਨ ਕੀਤਾ ਆਏ ਸਾਥੀਆਂ ਦਾ ਗਰੀਬ ਦਾਸ ਬੀਟਨ ਨੇ ਧੰਨਵਾਦ ਕੀਤਾ।

# ਪੰਜਾਬੀ ਸਾਹਿਤ ਸਭਾ ਵੱਲੋਂ ਕਰਵਾਏ ਸਾਵਣ ਕਵੀ ਦਰਬਾਰ ਵਿੱਚ ਵਰ੍ਹਿਆ ਬਿਰਹੋ ਦਾ ਮੀਂਹ



ਹੁਸ਼ਿਆਰਪੁਰ, 18 ਅਗਸਤ (ਆਵਾਜ਼ਿ ਕੌਮ ਬਿਊਰੋ)– ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਵੱਲੋਂ ਭਾਸ਼ਾ ਵਿਭਾਗ ਦਫ਼ਤਰ, ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਦੇ ਸਹਿਯੋਗ ਨਾਲ਼ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ ਸਾਵਣ ਕਵੀ ਦਰਬਾਰ ਕਰਵਾਇਆ ਗਿਆ ਜਿਸਦੀ ਪ੍ਰਧਾਨਗੀ ਸਭਾ ਦੇ ਪ੍ਰਧਾਨ ਜਸਬੀਰ ਸਿੰਘ ਧੀਮਾਨ ਨੇ ਕੀਤੀ। ਆਏ ਹੋਏ ਸ਼ਾਇਰਾਂ ਅਤੇ ਵਿਦਵਾਨਾਂ ਲਈ ਜੀ ਆਇਆਂ ਸ਼ਬਦ ਆਖਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਨੇ ਕਿਹਾ ਕਿ ਇਹੋ ਜਿਹੇ ਸਮਾਗਮ ਸਿਰਫ਼ ਨਜ਼ਮਾਂ ਸੁਣਨ ਸੁਣਾਉਣ ਤੱਕ ਹੀ ਸੀਮਤ ਨਹੀਂ ਹੁੰਦੇ ਸਗੋਂ ਇਨ੍ਹਾਂ ਵਿੱਚ ਭਾਸ਼ਾਈ, ਸਭਿਆਚਾਰਕ ਤੇ ਸਮਾਜਿਕ ਮੁੱਦਿਆਂ ਪ੍ਰਤੀ ਚਿੰਤਾ, ਚੇਤਨਾ ਤੇ ਚਿੰਤਨ ਕਰਨ ਦਾ ਵੀ ਸੁਭਾਗ ਪ੍ਰਾਪਤ ਹੁੰਦਾ ਹੈ ਤੇ ਇਹ ਸਮਾਗਮ ਹੁੰਦੇ ਰਹਿਣੇ ਚਾਹੀਦੇ ਹਨ। ਪ੍ਰਸਿੱਧ ਕਵੀ ਮਦਨ ਵੀਰਾ ਨੇ ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਦੀ ਲਗਾਤਾਰ ਸਕਿਰਿਆ ਰਹਿਣ ਕਰਕੇ ਸਰਾਹਨਾ ਕੀਤੀ ਤੇ ਨਾਲ਼ ਹੀ ਕਿਹਾ ਕਿ ਕਿਸੇ ਚੌਖਟੇ ਵਿੱਚ ਬੰਨ੍ਹੇ ਬਿਨਾਂ ਕਰਵਾਏ ਸਾਹਿਤਕ ਸਮਾਗਮ ਜ਼ਿਆਦਾ ਵਧੀਆ ਪ੍ਰਭਾਵ ਕਬੂਲਦੇ ਹਨ। ਉਪਰੰਤ ਕਰਵਾਏ ਕਵੀ ਦਰਬਾਰ ਦੀ ਸ਼ੁਰੁਆਤ ਸੁਰਿੰਦਰ ਕੰਗਵੀ ਨੇ ਗੁਰਬਾਣੀ ਵਿੱਚੋਂ ਸਾਵਣ ਮਹੀਨੇ ਨਾਲ਼ ਸੰਬੰਧਤ ਸ਼ਬਦ ਰਾਗ ਮਲਹਾਰ ਵਿੱਚ ਤੇ ਆਪਣੇ ਮੌਲਿਕ ਗੀਤ ਦੀ ਪੇਸ਼ਕਾਰੀ ਕਰਕੇ ਸੰਗੀਤਕ ਰੰਗ ਬਿਖੇਰਿਆ। ਏਦੂੰ ਬਾਅਦ ਹਰਦਿਆਲ ਹੁਸ਼ਿਆਰਪੁਰੀ, ਰਾਜ ਕੁਮਾਰ ਘਾਸੀਪੁਰੀਆ ਤੇ ਮੈਡਮ ਮੀਨਾਕਸ਼ੀ ਮੈਨਨ ਨੇ ਇਸੇ ਰੰਗ ਨੂੰ ਤਰੰਨੁਮ 'ਚ ਪੇਸ਼ ਕਰਕੇ ਹੋਰ ਗੂਹੜਾ ਕਰ ਦਿੱਤਾ। ਡਾ. ਸ਼ਮਸ਼ੇਰ ਮੋਹੀ ਨੇ ਆਪਣੀਆਂ ਗ.ਜ਼ਲਾਂ ਦੇ ਸ਼ੇਅਰਾਂ ਨੂੰ ਵਿਲੱਖਣ ਅੰਦਾਜ਼ ਵਿੱਚ ਪੇਸ਼ ਕਰਕੇ ਇਸ ਮਹਿਫਿਲ ਨੂੰ ਚਰਮ ਸੀਮਾ 'ਤੇ ਪਹੁੰਚਾ ਦਿੱਤਾ। ਇਸ ਤੋਂ ਇਲਾਵਾ ਇਸ ਮੁਸ਼ਾਇਰੇ ਵਿੱਚ ਜਸਬੀਰ ਸਿੰਘ ਧੀਮਾਨ, ਡਾ. ਦਰਸ਼ਨ ਸਿੰਘ ਦਰਸ਼ਨ, ਲੈਕ. ਲਖਵਿੰਦਰ ਲੱਖੀ, ਡਾ. ਕੁਲਦੀਪ ਸਿੰਘ, ਜਸਵੰਤ ਸਿੰਘ, ਮੈਡਮ ਮਨਜੀਤ ਕੌਰ, ਪ੍ਰਭਜੀਤ ਕੌਰ, ਸੁਖਜੀਤ ਕੌਰ, ਹਰਪ੍ਰੀਤ ਕੌਰ ਤੇ ਪਿੰਕਲ ਨੇ ਵੀ ਹਾਜ਼ਰੀ ਲੁਆਈ। ਸਾਰੇ ਸਮਾਗਮ ਨੂੰ ਸਭਾ ਦੇ ਮੈਂਬਰ ਜਸਵੰਤ ਸਿੰਘ ਨੇ ਆਪਣੇ ਕੈਮਰੇ 'ਚ ਕੈਦ ਕੀਤਾ। ਪ੍ਰਧਾਨਗੀ ਸ਼ਬਦ ਜਸਬੀਰ ਸਿੰਘ ਧੀਮਾਨ ਨੇ ਪੇਸ਼ ਨਜ਼ਮਾਂ 'ਤੇ ਆਪਣੀਆਂ ਟਿੱਪਣੀਆਂ ਸਾਂਝੀਆਂ ਕਰਦਿਆਂ ਆਖੇ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ। ਉਪਰੰਤ ਕਰਵਾਏ ਕਵੀ ਦਰਬਾਰ ਦੀ ਸ਼ੁਰੁਆਤ ਸੁਰਿੰਦਰ ਕੰਗਵੀ ਨੇ ਗੁਰਬਾਣੀ ਵਿੱਚੋਂ ਸਾਵਣ ਮਹੀਨੇ ਨਾਲ਼ ਸੰਬੰਧਤ ਸ਼ਬਦ ਰਾਗ ਮਲਹਾਰ ਵਿੱਚ ਤੇ ਆਪਣੇ ਮੌਲਿਕ ਗੀਤ ਦੀ ਪੇਸ਼ਕਾਰੀ ਕਰਕੇ ਸੰਗੀਤਕ ਰੰਗ ਬਿਖੇਰਿਆ। ਏਦੂੰ ਬਾਅਦ ਹਰਦਿਆਲ ਹੁਸ਼ਿਆਰਪੁਰੀ, ਰਾਜ ਕੁਮਾਰ ਘਾਸੀਪੁਰੀਆ ਤੇ ਮੈਡਮ ਮੀਨਾਕਸ਼ੀ ਮੈਨਨ ਨੇ ਇਸੇ ਰੰਗ ਨੂੰ ਤਰੰਨੁਮ 'ਚ ਪੇਸ਼ ਕਰਕੇ ਹੋਰ ਗੂਹੜਾ ਕਰ ਦਿੱਤਾ। ਡਾ. ਸ਼ਮਸ਼ੇਰ ਮੋਹੀ ਨੇ ਆਪਣੀਆਂ ਗ.ਜ਼ਲਾਂ ਦੇ ਸ਼ੇਅਰਾਂ ਨੂੰ ਵਿਲੱਖਣ ਅੰਦਾਜ਼ ਵਿੱਚ ਪੇਸ਼ ਕਰਕੇ ਇਸ ਮਹਿਫਿਲ ਨੂੰ ਚਰਮ ਸੀਮਾ 'ਤੇ ਪਹੁੰਚਾ ਦਿੱਤਾ। ਇਸ ਤੋਂ ਇਲਾਵਾ ਇਸ ਮੁਸ਼ਾਇਰੇ ਵਿੱਚ ਜਸਬੀਰ ਸਿੰਘ ਧੀਮਾਨ, ਡਾ. ਦਰਸ਼ਨ ਸਿੰਘ ਦਰਸ਼ਨ, ਲੈਕ. ਲਖਵਿੰਦਰ ਲੱਖੀ, ਡਾ. ਕੁਲਦੀਪ ਸਿੰਘ, ਜਸਵੰਤ ਸਿੰਘ, ਮੈਡਮ ਮਨਜੀਤ ਕੌਰ, ਪ੍ਰਭਜੀਤ ਕੌਰ, ਸੁਖਜੀਤ ਕੌਰ, ਹਰਪ੍ਰੀਤ ਕੌਰ ਤੇ ਪਿੰਕਲ ਨੇ ਵੀ ਹਾਜ਼ਰੀ ਲੁਆਈ। ਸਾਰੇ ਸਮਾਗਮ ਨੂੰ ਸਭਾ ਦੇ ਮੈਂਬਰ ਜਸਵੰਤ ਸਿੰਘ ਨੇ ਆਪਣੇ ਕੈਮਰੇ 'ਚ ਕੈਦ ਕੀਤਾ। ਪ੍ਰਧਾਨਗੀ ਸ਼ਬਦ ਜਸਬੀਰ ਸਿੰਘ ਧੀਮਾਨ ਨੇ ਪੇਸ਼ ਨਜ਼ਮਾਂ 'ਤੇ ਆਪਣੀਆਂ ਟਿੱਪਣੀਆਂ ਸਾਂਝੀਆਂ ਕਰਦਿਆਂ ਆਖੇ। ਸਮਾਗਮ ਦੌਰਾਨ ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ। ਉਪਰੰਤ ਕਰਵਾਏ ਕਵੀ ਦਰਬਾਰ ਦੀ ਸ਼ੁਰੁਆਤ ਸੁਰਿੰਦਰ ਕੰਗਵੀ ਨੇ ਗੁਰਬਾਣੀ ਵਿੱਚੋਂ ਸਾਵਣ ਮਹੀਨੇ ਨਾਲ਼ ਸੰਬੰਧਤ ਸ਼ਬਦ ਰਾਗ ਮਲਹਾਰ ਵਿੱਚ ਤੇ ਆਪਣੇ ਮੌਲਿਕ ਗੀਤ ਦੀ ਪੇਸ਼ਕਾਰੀ ਕਰਕੇ ਸੰਗੀਤਕ ਰੰਗ ਬਿਖੇਰਿਆ। ਏਦੂੰ ਬਾਅਦ ਹਰਦਿਆਲ ਹੁਸ਼ਿਆਰਪੁਰੀ, ਰਾਜ ਕੁਮਾਰ ਘਾਸੀਪੁਰੀਆ ਤੇ ਮੈਡਮ ਮੀਨਾਕਸ਼ੀ ਮੈਨਨ ਨੇ ਇਸੇ ਰੰਗ ਨੂੰ ਤਰੰਨੁਮ 'ਚ ਪੇਸ਼ ਕਰਕੇ ਹੋਰ ਗੂਹੜਾ ਕਰ ਦਿੱਤਾ।